

# ਉਪਰ ਤੋਂ ਸਹਾਇਤਾ

ਸੰਗ੍ਰਿਹ ਕਰਤਾ : ਵਾਟਸਨ ਗੁਡਮੈਨ

ਮੁਫਤ—ਵੇਚੀ ਨਹੀਂ ਜਾਣੀ ਚਾਹੀਦੀ

ਪਰਮੇਸ਼ੁਰ ਦਾ ਬਚਨ 'ਉਪਰ ਤੋਂ' ਆਇਆ ਅਤੇ ਵਾਸਤਵ ਵਿੱਚ ਇਹੋ ਜਿਹੇ ਦਿਲਾਂ ਲਈ ਬਹੁਤ ਹੀ ਮਦਦਗਾਰ ਹੈ ਜਿਹੜੇ ਸੱਚਿਆਈ ਦੇ ਭੁੱਖੇ ਅਤੇ ਤਿਹਾਏ ਹਨ। ਜਦ ਇੱਕ ਆਦਮੀ ਤੌਬਾ ਕਰਦਾ ਹੈ, ਅਤੇ ਆਪਣੇ ਪਾਪਾਂ ਨੂੰ ਛੱਡਦਾ ਹੈ, ਤਦ ਹੀ ਉਹ ਮੁਕਤੀਦਾਤਾ ਪ੍ਰਭੂ ਯਿਸੂ ਮਸੀਹ ਤੇ ਨਿਹਚਾ ਲਿਆਉਂਦਾ ਹੈ। ਤਦ ਹੀ ਪ੍ਰਭੂ ਵੀ ਆਪਣੇ ਆਪ ਨੂੰ ਨਿਹਚਾ ਕਰਨ ਵਾਲੇ ਤੇ ਪ੍ਰਗਟ ਕਰਦਾ ਹੈ ਅਤੇ ਉਹਦੇ ਦਿਲ ਵਿੱਚ ਆਪਣੀ ਖੁਸ਼ੀ ਤੇ ਸ਼ਾਂਤੀ ਭਰ ਦਿੰਦਾ ਹੈ।

ਮੈਨੂੰ ਇਹ ਤਰਜਬਾ **1937** ਵਿੱਚ ਹੋਇਆ ਅਤੇ ਉਸ ਸਮੇਂ ਤੋਂ ਲੈ ਕੇ ਅਜ ਤਕ ਇਹ ਅਚਰਜ ਮੇਲ ਜੋ ਪ੍ਰਭੂ ਨਾਲ ਹੋਇਆ ਕਦੇ ਵੀ ਨਹੀਂ ਟੁਟਿਆ।

ਸਾਡੀ ਤੁਹਾਡੇ ਅੱਗੇ ਇਹ ਹੀ ਅਰਜ਼ ਹੈ ਕਿ ਤੁਸੀਂ ਵੀ ਆਪਣੇ ਆਪ ਨੂੰ ਉਹਨੂੰ **ਹੁਣੇ** ਸੌਂਪ ਦਿਓ, ਜੇਕਰ ਤੁਸੀਂ ਅਜੇ ਤਕ ਨਹੀਂ ਸੌਂਪਿਆ।

ਵਾਟਸ਼ਨ ਗੁਡਮੈਨ

# ਪਰਮੇਸ਼ੁਰ ਦਾ ਪਿਆਰ



ਪਰਕਾਸ਼ 1 : 5

ਨਾਲੇ ਯਿਸੂ ਮਸੀਹ ਦੀ ਵੱਲੋਂ ਜਿਹੜਾ ਸੱਚਾ ਗਵਾਹ ਅਤੇ ਮੁਰਦਿਆਂ ਵਿੱਚੋਂ ਜੇਠਾ ਅਤੇ ਧਰਤੀ ਦੇ ਰਾਜਿਆਂ ਦਾ ਹਾਕਮ ਹੈ। ਉਹ ਦੀ ਜਿਹੜਾ ਸਾਡੇ ਨਾਲ ਪ੍ਰੇਮ ਕਰਦਾ ਹੈ ਅਤੇ ਜਿਹ ਨੇ ਸਾਨੂੰ ਸ਼ਾਨੂੰ ਆਪਣੇ ਲਹੂ ਨਾਲ ਸਾਡੇ ਪਾਪਾਂ ਤੋਂ ਛੁਡਾ ਦਿੱਤਾ ।

ਰੋਮੀਆਂ 5 : 8

ਪਰੰਤੂ ਪਰਮੇਸ਼ੁਰ ਆਪਣਾ ਪ੍ਰੇਮ ਸਾਡੇ ਉੱਤੇ ਇਉਂ ਪਰਗਟ ਕਰਦਾ ਹੈ ਭਈ ਜਾਂ ਅਸੀਂ ਅਜੇ ਪਾਪੀ ਹੀ ਸਾਂ ਤਾਂ ਮਸੀਹ ਸਾਡੇ ਲਈ ਮੋਇਆ ।

ਯੂਹੰਨਾ 3 : 16

ਕਿਉਂਕਿ ਪਰਮੇਸ਼ੁਰ ਨੇ ਜਗਤ ਨੂੰ ਅਜਿਹਾ ਪਿਆਰਕੀਤ ਜੋ ਉਹ ਨੇ ਆਪਣਾ ਇਕਲੌਤਾ ਪੁੱਤ੍ਰ ਬਖ਼ਸ਼ ਦਿੱਤਾ ਤਾਂ ਜੋ ਹਰੇਕ ਜੋ ਉਸ ਉੱਤੇ ਨਿਹਚਾ ਕਰੇ ਨਾਸ ਨਾ ਹੋਵੇ ਪਰ ਸਦੀਪਕ ਜੀਉਣ ਪਾਵੇ ।

# 2 .ਪ੍ਰਭੂ ਯਿਸੂ ਦੀ ਪਰਮੇਸ਼ੁਰਤਾਈ

### ਮੱਤੀ 1 : 22,23

ਇਹ ਸਭ ਕੁਝ ਇਸ ਲਈ ਹੋਇਆ ਭਈ ਜਿਹੜੀ ਗੱਲ ਪ੍ਰਭੂ ਨੇ ਨਬੀ ਦੀ ਜ਼ਬਾਨੀ ਆਖੀ ਸੀ ਉਹ ਪੂਰੀ ਹੋਵੇ ਕਿ ਵੇਖੋ, ਕੁਆਰੀ ਗਰਭਣੀ ਹੋਵੇਗੀ ਅਤੇ ਪੁੱਤ੍ਰ ਜਣੇਗੀ, ਅਤੇ ਓਹ ਉਸ ਦਾ ਨਾਮ ਇੰਮਾਨੂਏਲ ਰੱਖਣਗੇ ॥ ਜਿਹ ਦਾ ਅਰਥ ਇਹ ਹੈ "ਪਰਮੇਸ਼ੁਰ ਅਸਾਡੇ ਸੰਗ ।"

### 1 ਤਿਮੋਥਿਉਸ 3 : 16

ਅਤੇ ਨਿਸੰਗ ਭਗਤੀ ਦਾ ਭੇਤ ਵੱਡਾ ਹੈ—ਉਹ ਸਰੀਰ ਵਿੱਚ ਪਰਗਟ ਹੋਇਆ, ਆਤਮਾ ਵਿੱਚ ਧਰਮੀ ਠਹਿਰਾਇਆ ਗਿਆ। ਦੂਤਾਂ ਤੋਂ ਵੇਖਿਆ ਗਿਆ, ਕੌਮਾਂ ਵਿੱਚ ਉਹ ਦਾ ਪਰਚਾਰ ਕੀਤਾ ਗਿਆ, ਜਗਤ ਵਿੱਚ ਉਸ ਉੱਤੇ ਨਿਹਚਾ ਕੀਤੀ ਗਈ, ਤੇਜ ਵਿੱਚ ਉਤਾਹਾਂ ਉਠਾ ਲਿਆ ਗਿਆ ॥

# ਯਿਸੂ ਪਰਮੇਸ਼ੁਰ ਦਾ ਪੁੱਤ੍ਰ



ਕੁਲੁੱਸੀਆਂ 2 : 9

ਕਿਉਂ ਜੋ ਪਰਮੇਸ਼ੁਰਤਾਈ ਦੀ ਸਾਰੀ ਭਰਪੂਰੀ ਉਸੇ (ਯਿਸੂ ਮਸੀਹ) ਵਿੱਚ ਦੇਹ ਧਾਰੀ ਹੋ ਕੇ ਵੱਸਦੀ ਹੈ ।

1 ਯੂਹੰਨਾ 4 : 15

ਜੋ ਕੋਈ ਮੰਨ ਲੈਂਦਾ ਹੈ ਭਈ ਯਿਸੂ ਪਰਮੇਸ਼ੁਰ ਦਾ ਪੁੱਤ੍ਰ ਹੈ ਪਰਮੇਸ਼ੁਰ ਉਹ ਦੇ ਵਿੱਚ ਅਤੇ ਉਹ ਪਰਮੇਸ਼ੁਰ ਦੇ ਵਿੱਚ ਰਹਿੰਦਾ ਹੈ ।

ਯਸਾਯਾਹ 9 : 6

ਸਾਡੇ ਲਈ ਤਾਂ ਇੱਕ ਬਾਲਕ ਜੰਮਿਆ, ਅਤੇ ਸਾਨੂੰ ਇੱਕ ਪੁੱਤ੍ਰ ਬਖ਼ਸ਼ਿਆ ਗਿਆ, ਰਾਜ ਉਹਦੇ ਮੋਢੇ ਉੱਤੇ ਹੋਵੇਗਾ, ਅਤੇ ਉਹ ਦਾ ਨਾਮ ਇਉਂ ਸੱਦਿਆ ਜਾਵੇਗਾ, "ਅਚਰਜ ਸਲਾਹੂ, ਸ਼ਕਤੀਮਾਨ ਪਰਮੇਸ਼ੁਰ, ਅਨਾਦੀ ਪਿਤਾ, ਸ਼ਾਂਤੀ ਦਾ ਰਾਜ ਕੁਮਾਰ ।"

# ਯਿਸੂ ਦਸਿਆ–ਉਹ ਕੌਣ ਹੈ?

ਯੂਹੰਨਾ 11 : 25

ਯਿਸੂ ਨੇ ਉਹ ਨੂੰ ਕਿਹਾ, ਕਿਆਮਤ ਅਤੇ ਜਾਉਣ ਮੈਂ ਹਾਂ। ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਭਾਵੇਂ ਉਹ ਮਰ ਜਾਵੇ ਤਾਂ ਵੀ ਜੀਵੇਗਾ।

ਯੂਹੰਨਾ 6 : 35

ਯਿਸੂ ਨੇ ਉਨ੍ਹਾਂ ਨੂੰ ਆਖਿਆ, ਜੀਉਣ ਦੀ ਰੋਟੀ ਮੈਂ ਹਾਂ। ਜੋ ਮੇਰੇ ਕੋਲ ਆਉਂਦਾ ਹੈ ਉਹ ਮੂਲੋਂ ਭੁੱਖਾ ਨਾ ਹੋਵੇਗਾ ਅਤੇ ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਸੋ ਕਦੇ ਵੀ ਤਿਹਾਇਆ ਨਾ ਹੋਵੇਗਾ।

ਯੂਹੰਨਾ 10 : 7

ਇਸ ਲਈ ਯਿੱਸੂ ਨੇ ਫੇਰ ਉਨ੍ਹਾਂ ਨੂੰ ਆਖਿਆ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਜੋ ਭੇਡਾਂ ਦਾ ਬੂਹਾ ਮੈਂ ਹਾਂ।

ਮੱਤੀ 20 : 30, 34

ਅਤੇ ਵੇਖੋ ਕਿ ਦੋ ਅੰਨ੍ਹੇ ਜਿਹੜੇ ਸੜਕ ਦੇ ਕੰਢੇ ਬੈਠੇ ਸਨ ਜਾਂ ਇਹ ਸੁਣਿਆ ਜੋ ਯਿਸੂ ਲੰਘਿਆ ਜਾਂਦਾ ਹੈ ਉੱਚੀ ਦੇ ਕੇ ਬੋਲੇ, ਹੇ ਪ੍ਰਭੁ, ਦਾਊਦ ਦੇ ਪੁੱਤ੍ਰ, ਸਾਡੇ ਉੱਤੇ ਦਯਾ ਕਰ !......ਯਿਸੂ ਨੇ ਤਰਸ ਖਾ ਕੇ ਉਨ੍ਹਾਂ ਦੀਆਂ ਅੱਖਾਂ ਨੂੰ ਛੋਹਿਆ ਅਰ ਓਹ ਝੱਟ ਸੁਜਾਖੇ ਹੋ ਗਏ ਅਤੇ ਉਹ ਦੇ ਮਗਰ ਤੁਰ ਪਏ ॥

ਲੂਕਾ 5 : 4—6

ਜਾਂ ਉਹ ਬਚਨ ਕਰ ਹਟਿਆ ਤਾਂ ਸ਼ਮਊਨ ਨੂੰ ਕਿਹਾ ਭਈ ਡੂੰਘੇ ਪਾਣੀ ਵਿੱਚ ਲੈ ਚੱਲੋ ਅਤੇ ਸ਼ਿਕਾਰ ਲਈ ਆਪਣੇ ਜਾਲ ਪਾਓ । ਸ਼ਮਊਨ ਨੇ ਉੱਤਰ ਦਿੱਤਾ ਕਿ ਸੁਆਮੀ ਜੀ ਅਸਾਂ ਸਾਰੀ ਰਾਤ ਮਿਹਨਤ ਕੀਤੀ, ਪਰ ਕੁਝ ਨਾ ਫੜਿਆ ਤਦ ਵੀ ਤੇਰੇ ਆਖਣ

ਨਾਲ ਜਾਲ ਪਾਵਾਂਗਾ । ਜਾਂ ਉਨ੍ਹਾਂ ਇਹ ਕੀਤਾ ਤਾਂ ਬਹੁਤ ਸਾਰੀਆਂ ਮੱਛੀਆਂ ਘੇਰ ਲਈਆਂ ਅਤੇ ਉਨ੍ਹਾਂ ਦੇ ਜਾਲ ਟੁੱਟਣ ਲੱਗੇ ।

## 6 ਯਿਸੂ ਮਸੀਹ, ਕਰਤਾਰ ਅਤੇ ਪ੍ਰਭੂ ਹੈ

ਕਰਤੱਬ 2 : 36

ਉਪਰੰਤ ਇਸਰਾਏਲ ਦਾ ਸਾਰਾ ਘਰਾਣਾ ਪੱਕ ਜਾਣੇ ਭਈ ਇਸੇ ਯਿਸੂ ਨੂੰ ਜਿਹ ਨੂੰ ਤੁਸਾਂ ਸਲੀਬ ਉੱਤੇ ਚਾੜ੍ਹਿਆ ਪਰਮੇਸ਼ੁਰ ਨੇ ਓਸ ਨੂੰ ਪ੍ਰਭੂ ਭੀ ਅਤੇ ਮਸੀਹ ਭੀ ਕੀਤਾ ॥

ਕੁਲੁੱਸੀਆਂ 1 : 16

ਕਿਉਂ ਜੋ ਅਕਾਸ਼ ਅਤੇ ਧਰਤੀ ਉਤਲੀਆਂ ਸਾਰੀਆਂ ਵਸਤਾਂ ਉਸੇ ਤੋਂ ਉਤਪਤ ਹੋਈਆਂ, ਨਾਲੇ ਦਿੱਸਣ ਵਾਲੀਆਂ, ਨਾਲੇ ਨਾ ਦਿੱਸਣ ਵਾਲੀਆਂ, ਕੀ ਸਿੰਘਾਸਣ, ਕੀ ਰਿਆਸਤਾਂ, ਕੀ ਹਕੂਮਤਾਂ, ਕੀ ਇਖਤਿਆਰ, ਸੱਭੋ ਕੁਝ ਉਸ ਦੇ ਰਾਹੀਂ ਅਤੇ ਉਸੇ ਦੇ ਲਈ ਉਤਪਤ ਹੋਇਆ ਹੈ ।

# ਪ੍ਰਭੂ ਯਿਸੂ ਮਸੀਹ ਸਭ ਦਾ ਨਿਆਈਂ ਹੈ[7]

ਯੂਹੰਨਾ 5 : 22

ਪਿਤਾ ਕਿਸੇ ਦਾ ਨਿਆਉਂ ਨਹੀਂ ਕਰਦਾ ਪਰ ਉਸ ਨੇ ਸਾਰਾ ਨਿਆਉਂ ਪੁੱਤ੍ਰ ਨੂੰ ਸੌਂਪ ਦਿੱਤਾ ਹੈ।

ਰੋਮੀਆਂ 14 : 10

ਪਰ ਤੂੰ ਆਪਣੇ ਭਰਾ ਉੱਤੇ ਕਾਹਨੂੰ ਦੋਸ਼ ਲਾਉਂਦਾ ਹੈਂ ਅਥਵਾ ਫੇਰ ਤੂੰ ਆਪਣੇ ਭਰਾ ਨੂੰ ਕਿਉਂ ਤੁੱਛ ਜਾਣਦਾ ਹੈਂ ? ਕਿਉਂ ਜੋ ਅਸੀਂ ਸੱਭੇ ਪਰਮੇਸ਼ੁਰ ਦੇ ਨਿਆਉਂ ਦੇ ਸਿੰਘਾਸਣ ਦੇ ਅੱਗੇ ਖੜੇ ਹੋਵਾਂਗੇ।

ਕਰਤੱਬ 10 : 42

ਅਤੇ ਉਹ ਨੇ ਸਾਨੂੰ ਆਗਿਆ ਦਿੱਤੀ ਭਈ ਲੋਕਾਂ ਦੇ ਅੱਗੇ ਪਰਚਾਰ ਕਰੋ ਅਤੇ ਸਾਖੀ ਦਿਓ ਜੋ ਇਹ ਇਹੋ ਹੈ ਜਿਹੜਾ ਪਰਮੇਸ਼ੁਰ ਦੀ ਵੱਲੋਂ ਠਹਿਰਾਇਆ ਹੋਇਆ ਹੈ ਭਈ ਜੀਉਂਦਿਆਂ ਅਤੇ ਮੋਇਆਂ ਦਾ ਨਿਆਉਂ ਕਰਨ ਵਾਲਾ ਹੋਵੇ।

## 8 ਨਿਸਤਾਰਾ ਕੇਵਲ ਪ੍ਰਭੁ ਯਿਸੂ ਦੇ ਰਾਹੀਂ ਹੈ

ਕਰਤੱਬ 4 : 12

ਅਰ ਕਿਸੇ ਦੂਏ ਤੋਂ ਮੁਕਤੀ ਨਹੀਂ ਕਿਉਂ ਜੋ ਅਕਾਸ਼ ਦੇ ਹੇਠਾਂ ਮਨੁੱਖਾਂ ਵਿੱਚ ਕੋਈ ਦੂਜਾ ਨਾਮ ਨਹੀਂ ਦਿੱਤਾ ਗਿਆ ਜਿਸ ਤੋਂ ਅਸੀਂ ਬਚਾਏ ਜਾਣਾ ਹੈ ॥

ਯੂਹੰਨਾ 14 : 6

ਯਿਸੂ ਨੇ ਉਹ ਨੂੰ ਆਖਿਆ, ਰਾਹ ਅਤੇ ਸਚਿਆਈ ਅਤੇ ਜੀਉਣ ਮੈਂ ਹਾਂ । ਕੋਈ ਮੇਰੇ ਵਸੀਲੇ ਬਿਨਾ ਪਿਤਾ ਦੇ ਕੋਲ ਨਹੀਂ ਆਉਂਦਾ ।

ਇਬਰਾਨੀਆਂ 7 : 25

ਇਸ ਲਈ ਉਹ ਉਨ੍ਹਾਂ ਦਾ ਜਿਹੜੇ ਉਹ ਦੇ ਰਾਹੀਂ ਪਰਮੇਸ਼ੁਰ ਦੇ ਕੋਲ ਆਉਂਦੇ ਹਨ ਪੂਰਾ ਨਿਸਤਾਰਾ ਕਰ ਸੱਕਦਾ ਹੈ ਕਿਉਂ ਜੋ ਉਹ ਉਨ੍ਹਾਂ ਦੀ ਸਫ਼ਾਰਸ਼ ਕਰਨ ਨੂੰ ਸਦਾ ਜੀਉਂਦਾ ਹੈ ॥

# ਨਿਸਤਾਰਾ ਕੇਵਲ ਪ੍ਰਭੂ ਯਿਸੂ ਰਾਹੀਂ ਹੈ 

ਕੁਲੁੱਸੀਆਂ 1 : 12-14

ਅਤੇ ਪਿਤਾ ਦਾ ਧੰਨਵਾਦ ਕਰਦੇ ਰਹੋ ਜਿਨ ਸਾਨੂੰ ਇਸ ਜੋਗ ਬਣਾਇਆ ਭਈ ਚਾਨਣ ਵਿੱਚ ਸੰਤਾਂ ਦੇ ਵਿਰਸੇ ਦੇ ਪੱਤੀਦਾਰ ਹੋਈਏ । ਅਤੇ ਸਾਨੂੰ ਅੰਧਕਾਰ ਦੇ ਵੱਸ ਵਿੱਚੋਂ ਛਡਾ ਕੇ ਆਪਣੇ ਪਿਆਰੇ ਪੁੱਤ੍ਰ ਦੇ ਰਾਜ ਵਿੱਚ ਪੁਚਾ ਦਿੱਤਾ । ਉਸ ਦੇ ਵਿੱਚ ਸਾਨੂੰ ਨਿਸਤਾਰਾ ਅਰਥਾਤ ਪਾਪਾਂ ਦੀ ਮਾਫ਼ੀ ਮਿਲਦੀ ਹੈ ।

ਤੀਤੁਸ 2 : 14

ਜਿਹ ਨੇ ਆਪਣੇ ਆਪ ਨੂੰ ਸਾਡੇ ਲਈ ਦੇ ਦਿੱਤਾ ਭਈ ਸਾਰੇ ਕਧਰਮ ਤੋਂ ਸਾਡਾ ਨਿਸਤਾਰਾ ਕਰੇ ਅਤੇ ਖਾਸ ਆਪਣੇ ਲਈ ਇੱਕ ਕੌਮ ਨੂੰ ਪਾਕ ਕਰੇ ਜੋ ਸ਼ੁਭ ਕਰਮਾਂ ਵਿੱਚ ਸਰਗਰਮ ਹੋਵੇ ।

ਕਿਉਂ ਜੋ ਮਨੁੱਖ ਦਾ ਪੁੱਤ੍ਰ ਗੁਆਚੇ ਹੋਏ ਨੂੰ ਭਾਲਣ ਅਤੇ ਬਚਾਉਣ ਲਈ ਆਇਆ ਹੈ । ਲੂਕਾ 19 : 10

## 10 ਪਰਾਸਚਿਤ ਯਿਸੂ ਮਸੀਹ ਦੇ ਲਹੂ ਰਾਹੀਂ

ਅਫ਼ਸੀਆਂ 1 : 7

ਜਿਹ ਦੇ ਵਿੱਚ ਉਸ ਦੇ ਲਹੂ ਦੇ ਦੁਆਰਾ ਸਾਨੂੰ ਨਿਸਤਾਰਾ ਅਰਥਾਤ ਅਪਰਾਧਾਂ ਦੀ ਮਾਫ਼ੀ ਉਹ ਦੀ ਕਿਰਪਾ ਦੇ ਧਨ ਅਨੁਸਾਰ ਮਿਲਦੀ ਹੈ। 1 ਯੂਹੰਨਾ 1 : 7

ਪਰ ਜੇ ਅਸੀਂ ਚਾਨਣ ਵਿੱਚ ਚਲੀਏ ਜਿਵੇਂ ਉਹ ਚਾਨਣ ਵਿੱਚ ਹੈ ਤਾਂ ਸਾਡੀ ਆਪੋ ਵਿੱਚੀਂ ਸੰਗਤ ਹੈ ਅਤੇ ਉਹ ਦੇ ਪੁੱਤ੍ਰ ਯਿਸੂ ਦਾ ਲਹੂ ਸਾਨੂੰ ਸਾਰੇ ਪਾਪ ਤੋਂ ਸ਼ੁੱਧ ਕਰਦਾ ਹੈ।

ਇਬਰਾਨੀਆਂ 9 : 14

ਤਾਂ ਕਿੰਨਾ ਹੀ ਵਧੀਕ ਮਸੀਹ ਦਾ ਲਹੂ ਜਿਹ ਨੇ ਸਦੀਪਕ ਆਤਮਾ ਦੇ ਰਾਹੀਂ ਆਪਣੇ ਆਪ ਨੂੰ ਦੋਸ਼ ਰਹਿਤ ਪਰਮੇਸ਼ੁਰ ਦੇ ਅੱਗੇ ਚੜ੍ਹਾਇਆ ਤੁਹਾਡੇ ਅੰਤਹਕਰਨ ਨੂੰ ਮੁਰਦਿਆਂ ਕੰਮਾਂ ਤੋਂ ਸ਼ੁੱਧ ਕਰੇਗਾ ਭਈ ਤੁਸੀਂ ਜੀਉਂਦੇ ਪਰਮੇਸ਼ੁਰ ਦੀ ਉਪਾਸਨਾ ਕਰੋ।

# ਮੁਕਤੀ ਮਸੀਹ ਉੱਤੇ ਨਿਹਚਾ ਕਰਨ ਨਾਲ 

1 ਯੂਹੰਨਾ 5 : 4

ਕਿਉਂ ਜੋ ਹਰੇਕ ਜਿਹੜਾ ਪਰਮੇਸ਼ੁਰ ਤੋਂ ਜੰਮਿਆ ਹੈ ਉਹ ਸੰਸਾਰ ਉੱਤੇ ਫ਼ਤਹ ਪਾਉਂਦਾ ਹੈ ਅਰ ਫ਼ਤਹ ਇਹ ਹੈ ਜਿਹ ਨੇ ਸੰਸਾਰ ਉੱਤੇ ਫ਼ਤਹ ਪਾਈ ਅਰਥਾਤ ਸਾਡੀ ਨਿਹਚਾ।

ਤਾਂ ਉਨ੍ਹਾਂ ਉਸ ਨੂੰ ਆਖਿਆ, ਕਿ ਪਰਮੇਸ਼ੁਰ ਦੇ ਕੰਮ ਕਰਨ ਨੂੰ ਅਸੀਂ ਕੀ ਕਰੀਏ ? ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਪਰਮੇਸ਼ੁਰ ਦਾ ਕੰਮ ਏਹ ਹੈ ਕਿ ਜਿਸ ਨੂੰ ਉਨ ਭੇਜਿਆ ਹੈ ਉਸ ਉੱਤੇ ਤੁਸੀਂ ਨਿਹਚਾ ਕਰੋ। ਯੂਹੰਨਾ 6 : 28, 29

ਅਫ਼ਸੀਆਂ 2 : 8, 9

ਕਿਉਂ ਜੋ ਤੁਸੀਂ ਕਿਰਪਾ ਤੋਂ ਨਿਹਚਾ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ, ਇਹ ਪਰਮੇਸ਼ੁਰ ਦੀ ਬਖ਼ਸ਼ੀਸ਼ ਹੈ। ਇਹ ਕਰਨੀਆਂ ਤੋਂ ਨਹੀਂ ਅਜਿਹਾ ਨਾ ਹੋਵੇ ਭਈ ਕੋਈ ਘੁਮੰਡ ਕਰੇ।

# ਪਰਮੇਸ਼ੁਰ ਦੀ ਦਯਾ

ਜ਼ਬੂਰ 103 : 17

ਪਰ ਯਹੋਵਾਹ ਦੀ ਦਯਾ ਆਦ ਤੋਂ ਅੰਤ ਤੀਕ ਆਪਣੇ ਡਰਨ ਵਾਲਿਆਂ ਦੇ ਉੱਤੇ ਹੈ, ਅਤੇ ਉਹ ਦਾ ਧਰਮ ਪੁੱਤ੍ਰਾਂ ਪੋਤ੍ਰਿਆਂ ਤੀਕ।

ਤੀਤੁਸ 3 : 5

ਤਾਂ ਉਸ ਨੇ ਉਨ੍ਹਾਂ ਧਰਮ ਦੇ ਕਰਮਾਂ ਕਰਕੇ ਨਹੀਂ ਜੋ ਅਸਾਂ ਕੀਤੇ ਸਗੋਂ ਆਪਣੇ ਰਹਮ ਦੇ ਅਨੁਸਾਰ ਨਵੇਂ ਜਨਮ ਦੇ ਅਸ਼ਨਾਨ ਅਤੇ ਪਵਿੱਤਰ ਆਤਮਾ ਦੇ ਨਵੇਂ ਬਣਾਉਣ ਦੇ ਵਸੀਲੇ ਨਾਲ ਸਾਨੂੰ ਬਚਾਇਆ ।

ਜ਼ਬੂਰ 103 : 11

ਜਿੰਨਾ ਉੱਚਾ ਅਕਾਸ਼ ਧਰਤੀ ਉੱਤੋਂ ਹੈ, ਇੰਨੀ ਵੱਡੀ ਉਹ ਦੀ ਦਯਾ ਉਹ ਦੇ ਡਰਨ ਵਾਲਿਆਂ ਉੱਤੇ ਹੈ।

# ਪਰਮੇਸ਼ੁਰ ਆਖਦਾ ਹੇ ਮੇਰੇ ਕੋਲ ਆਓ 13

ਮੱਤੀ 11 : 28

ਹੇ ਸਾਰੇ ਥੱਕੇ ਹੋਇਓ ਅਤੇ ਭਾਰ ਹੇਠ ਦੱਬੇ ਹੋਇਓ, ਮੇਰੇ ਕੋਲ ਆਓ ਤਾਂ ਮੈਂ ਤੁਹਾਨੂੰ ਆਰਾਮ ਦਿਆਂਗਾ ।

ਯਸਾਯਾਹ 1 : 18

ਆਓ, ਅਸੀਂ ਸਲਾਹ ਕਰੀਏ, ਯਹੋਵਾਹ ਆਖਦਾ ਹੈ, ਭਾਵੇਂ ਤੁਹਾਡੇ ਪਾਪ ਕਿਰਮਚ ਜੇਹੇ ਹੋਣ, ਓਹ ਬਰਫ਼ ਜੇਹੇ ਚਿੱਟੇ ਹੋ ਜਾਣਗੇ, ਭਾਵੇਂ ਉਹ ਮਜੀਠ ਜੇਹੇ ਲਾਲ ਹੋਣ, ਓਹ ਉੱਨ ਜੇਹੇ ਹੋ ਜਾਣਗੇ ।

ਪਰਕਾਸ਼ 22 : 17

ਆਤਮਾ ਅਤੇ ਲਾੜੀ ਆਖਦੀ ਹੈ, ਆਓ ! ਜਿਹੜਾ ਸੁਣਦਾ ਹੋਵੇ ਉਹ ਕਹੇ ਆਓ ! ਅਤੇ ਜਿਹੜਾ ਤਿਹਾਇਆ ਹੋਵੇ ਉਹ ਆਵੇ ! ਜਿਹੜਾ ਚਾਹੇ ਅੰਮ੍ਰਿਤ ਜਲ ਮੁਖਤ ਲਵੇ ॥

## 14 ਸਭ ਪਰਮੇਸ਼ੁਰ ਦੇ ਬੱਚੇ ਨਹੀਂ ਹੈਂ

ਇਸ ਤੋਂ ਪਰਮੇਸ਼ੁਰ ਦੇ ਬਾਲਕ ਅਤੇ ਸ਼ਤਾਨ ਦੇ ਬਾਲਕ ਪਰਗਟ ਹੁੰਦੇ ਹਨ। ਹਰ ਕੋਈ ਜਿਹੜਾ ਧਰਮ ਨਹੀਂ ਕਰਦਾ ਪਰਮੇਸ਼ੁਰ ਤੋਂ ਨਹੀਂ ਅਤੇ ਨਾ ਉਹ ਜਿਹੜਾ ਆਪਣੇ ਭਰਾ ਨਾਲ ਪ੍ਰੇਮ ਨਹੀਂ ਰੱਖਦਾ ਹੈ। 1 ਯੂਹੰਨਾ 3 : 10

ਪਰ ਜਿੰਨਿਆਂ ਨੇ ਉਸ ਨੂੰ ਕਬੂਲ ਕੀਤਾ ਉਸ ਨੇ ਉਨ੍ਹਾਂ ਨੂੰ ਪਰਮੇਸ਼ੁਰ ਦੇ ਪੁੱਤ੍ਰ ਹੋਣ ਦਾ ਹੱਕ ਦਿੱਤਾ ਅਰਥਾਤ ਜਿਨ੍ਹਾਂ ਨੇ ਉਸ ਦੇ ਨਾਮ ਉੱਤੇ ਨਿਹਚਾ ਕੀਤਾ। ਯੂਹੰ 1 : 12

ਜਿੰਨੇ ਪਰਮੇਸ਼ੁਰ ਦੇ ਆਤਮਾ ਦੀ ਅਗਵਾਈ ਨਾਲ ਚੱਲਦੇ ਹਨ ਉਹੀ ਪਰਮੇਸ਼ੁਰ ਦੇ ਪੁੱਤ੍ਰ ਹਨ। ਕਿਉਂ ਜੋ ਤੁਹਾਨੂੰ ਗੁਲਾਮੀ ਦਾ ਆਤਮਾ ਨਹੀਂ ਮਿਲਿਆ ਜੋ ਫੇਰ ਮੁੜ ਕੇ ਡਰੋ ਸਗੋਂ ਲੇਪਾਲਕ ਪੁੱਤ੍ਰ ਹੋਣ ਦਾ ਆਤਮਾ ਮਿਲਿਆ ਜਿਸ ਕਰਕੇ ਅਸੀਂ "ਅਬਾ", ਹੇ ਪਿਤਾ, ਪੁਕਾਰਦੇ ਹਾਂ। ਰੋਮੀਆਂ 8 : 14, 15

## ਕਹਾਉਤਾਂ 23 : 31, 32

ਜਦੋਂ ਸ਼ਰਾਬ ਲਾਲ ਹੋਏ,ਜਦ ਉਹ ਪਿਆਲੇ ਵਿੱਚ ਚਮਕੇ,ਅਤੇ ਜਦ ਉਹ ਸਹਿਜ ਨਾਲ ਹੇਠਾਂ ਉਤਰੇ,ਤਾਂ ਤੂੰ ਉਹਦੀ ਵੱਲ ਨਾ ਤੱਕ । ਓੜਕ ਉਹ ਸੱਪ ਦੀ ਨਿਆਈਂ ਡਸਦੀ, ਅਤੇ ਠੂਹੇਂ ਵਾਂਙੁ ਡੰਗ ਮਾਰਦੀ ਹੈ ।

## ਰੋਮੀਆਂ 13 : 13, 14

ਭਲਮਣਸਊ ਨਾਲ ਚੱਲੀਏ ਜਿਕੁਰ ਦਿਨੇ ਚੱਲੀਦਾ ਹੈ, ਨਾ ਬਦਮਸਤੀਆਂ ਅਤੇ ਨਸ਼ਿਆਂ ਵਿੱਚ, ਨਾ ਹਰਾਮਕਾਰੀਆਂ ਅਤੇ ਲੁੱਚਪੁਣਿਆਂ ਵਿੱਚ, ਨਾ ਝਗੜੇ ਅਤੇ ਹਸਦ ਵਿੱਚ । ਸਗੋਂ ਪ੍ਰਭੁ ਯਿਸੂ ਮਸੀਹ ਨੂੰ ਪਹਿਨ ਲਓ ਅਤੇ ਸਰੀਰ ਦੇ ਵਿਸ਼ਿਆਂ ਲਈ ਕੋਈ ਤਰੱਦਦ ਨਾ ਕਰੋ ।

# 16 ਨੇਕ-ਦਿਲੀ ਹੀ ਚੋਖੀ ਨਹੀਂ ਹੈ

### ਮਰਕੁਸ 10 : 17—22

ਜਦ ਉਹ ਬਾਹਰ ਨਿੱਕਲ ਕੇ ਰਾਹ ਵੱਲ ਚਲਿਆ ਜਾਂਦਾ ਸੀ ਇੱਕ ਜਣਾ ਉਹਦੇ ਕੋਲ ਦੌੜਿਆ ਆਇਆ ਅਤੇ ਉਹ ਦੇ ਅੱਗੇ ਗੋਡੇ ਨਿਵਾ ਕੇ ਉਹਨੂੰ ਪੁੱਛਿਆ, ਸਤ ਗੁਰੂ ਜੀ, ਮੈਂ ਕੀ ਕਰਾਂ ਜੋ ਸਦੀਪਕ ਜੀਉਣ ਦਾ ਅਧਿਕਾਰੀ ਹੋਵਾਂ ? ਯਿਸੂ ਨੇ ਉਹ ਨੂੰ ਆਖਿਆ, ਤੂੰ ਮੈਨੂੰ ਸਤ ਕਿਉਂ ਕਹਿੰਦਾ ਹੈਂ ? ਸਤ ਕੋਈ ਨਹੀਂ ਪਰ ਨਿਰਾ ਇੱਕੋ ਪਰਮੇਸ਼ੁਰ । ਤੂੰ ਹੁਕਮਾਂ ਨੂੰ ਜਾਣਦਾ ਹੈਂ— ਖੂਨ ਨਾ ਕਰ, ਜ਼ਨਾਹ ਨਾ ਕਰ, ਚੋਰੀ ਨਾ ਕਰ, ਝੂਠੀ ਗਵਾਹੀ ਨਾ ਦਿਹ, ਠੱਗੀ ਨਾ ਕਰ, ਆਪਣੇ ਮਾਂ ਪਿਉ ਦਾ ਆਦਰ ਕਰ । ਉਸ ਨੇ ਉਹਨੂੰ ਕਿਹਾ, ਗੁਰੂ ਜੀ, ਮੈਂ ਆਪਣੇ ਬਾਲਕਪੁਣੇ ਤੋਂ ਉਨ੍ਹਾਂ ਸਭਨਾਂ ਨੂੰ ਮੰਨਦਾ ਆਇਆ ਹਾਂ । ਯਿਸੂ ਨੇ ਉਹਦੀ ਵੱਲ ਵੇਖ ਕੇ ਉਹਨੂੰ ਪਿਆਰ ਕੀਤਾ ਅਤੇ ਉਹਨੂੰ ਆਖਿਆ, ਤੇਰੇ

ਵਿੱਚ ਇੱਕ ਗੱਲ ਦਾ ਘਾਟਾ ਹੈ । ਜਾਹ ਅਤੇ ਜੋ ਕੁਝ ਤੇਰਾ ਹੈ ਵੇਚ ਅਤੇ ਕੰਗਾਲਾਂ ਨੂੰ ਦੇ ਦਿਹ ਤਾਂ ਤੈਨੂੰ ਸੁਰਗ ਵਿੱਚ ਧਨ ਮਿਲੇਗਾ ਅਤੇ ਆ, ਮੇਰੇ ਪਿੱਛੇ ਹੋ ਤੁਰ । ਪਰ ਉਹ ਏਸ ਗੱਲੋਂ ਭੈੜਾ ਪਿਆ ਅਤੇ ਉਦਾਸ ਹੋ ਕੇ ਚਲਿਆ ਗਿਆ ਕਿਉਂ ਜੋ ਉਹ ਵੱਡਾ ਮਾਲਦਾਰ ਸੀ ।

## ਧੋਖਾ ਨਾ ਖਾਓ 17

### 1 ਕੁਰਿੰਥੀਆਂ 6 : 9, 10

ਅਥਵਾ ਤੁਸੀਂ ਨਹੀਂ ਜਾਣਦੇ ਜੋ ਕੁਧਰਮੀ ਲੋਕ ਪਰਮੇਸ਼ੁਰ ਦੇ ਰਾਜ ਦੇ ਅਧਿਕਾਰੀ ਨਹੀਂ ਹੋਣਗੇ ? ਧੋਖਾ ਨਾ ਖਾਓ, ਨਾ ਹਰਾਮਕਾਰ, ਨਾ ਮੂਰਤੀ ਪੂਜਕ, ਨਾ ਜ਼ਨਾਹਕਾਰ, ਨਾ ਜਨਾਨੜੇ, ਨਾ ਮੁੰਡੇਬਾਜ਼, ਨਾ ਚੋਰ, ਨਾ ਲੋਭੀ, ਨਾ ਸ਼ਰਾਬੀ, ਨਾ ਗਾਲਾਂ ਕੱਢਣ ਵਾਲੇ, ਨਾ ਲੁਟੇਰੇ ਪਰਮੇਸ਼ੁਰ ਦੇ ਰਾਜ ਦੇ ਅਧਿਕਾਰੀ ਹੋਣਗੇ ।

# 18 ਪਾਪ ਮੌਤ ਨੂੰ ਜਨਮ ਦਿੰਦਾ ਹੈ

ਯਾਕੂਬ 1 : 15

ਤਦ ਕਾਮਨਾ ਜਾਂ ਗਰਭਣੀ ਹੋਈ ਤਾਂ ਪਾਪ ਨੂੰ ਜਣਦੀ ਹੈ, ਅਤੇ ਪਾਪ ਜਾਂ ਪੂਰੇ ਵਿੱਤ ਨੂੰ ਪੁੱਜਦਾ ਹੈ ਤਾਂ ਮੌਤ ਨੂੰ ਜਨਮ ਦਿੰਦਾ ਹੈ ।

ਲੂਕਾ 15 : 32

ਪਰ ਖੁਸ਼ੀ ਕਰਨੀ ਅਤੇ ਆਨੰਦ ਹੋਣਾ ਜੋਗ ਸੀ ਕਿਉਂਕਿ ਤੇਰਾ ਇਹ ਭਰਾ ਮੋਇਆ ਹੋਇਆ ਸੀ ਅਤੇ ਫਿਰ ਜੀ ਪਿਆ ਹੈ ਅਰ ਗੁਆਚ ਗਿਆ ਸੀ ਅਤੇ ਹੁਣ ਲੱਭ ਪਿਆ ਹੈ ।

ਰੋਮੀਆਂ 5 : 12

ਇਸ ਲਈ ਜਿਵੇਂ ਇੱਕ ਮਨੁੱਖ ਤੋਂ ਪਾਪ ਸੰਸਾਰ ਵਿੱਚ ਆਇਆ ਅਤੇ ਪਾਪ ਤੋਂ ਮੌਤ ਆਇਆ ਅਤੇ ਇਸੇ ਤਰਾਂ ਮੌਤ ਸਭਨਾਂ ਮਨੁੱਖਾਂ ਵਿੱਚ ਫੈਲਰ ਗਈ ਏਸ ਲਈ ਜੋ ਸਭਨਾਂ ਨੇ ਪਾਪ ਕੀਤਾ ।

ਪਿਤਾ ਮੈਨੂੰ ਇਸ ਲਈ ਪਿਆਰ ਕਰਦਾ ਹੈ ਕਿ ਮੈਂ ਆਪਣੀ ਜਾਨ ਦਿੰਦਾ ਹਾਂ ਤਾਂ ਜੋ ਉਹ ਨੂੰ ਫੇਰ ਲਵਾਂ। ਕੋਈ ਉਸ ਨੂੰ ਮੈਥੋਂ ਖੋਹੰਦਾ ਨਹੀਂ ਪਰ ਮੈਂ ਆਪੇ ਉਸ ਨੂੰ ਦਿੰਦਾ ਹਾਂ। ਮੇਰਾ ਇਖ਼ਤਿਆਰ ਹੈ ਜੋ ਉਹ ਨੂੰ ਦੇਵਾਂ ਅਤੇ ਮੇਰਾ ਇਖ਼ਤਿਆਰ ਹੈ ਜੋ ਉਹ ਨੂੰ ਫੇਰ ਲਵਾਂ। ਇਹ ਹੁਕਮ ਮੈਂ ਆਪਣੇ ਪਿਤਾ ਕੋਲੋਂ ਪਾਇਆ ਹੈ॥ ਯੂਹੰਨਾ 10 : 17,18

ਇਹ ਕਹਿ ਕੇ ਉੱਚੀ ਅਵਾਜ਼ ਮਾਰੀ ਕਿ ਲਾਜ਼ਰ, ਬਾਹਰ ਆ! ਉਹ ਜਿਹੜਾ ਮੋਇਆ ਹੋਇਆ ਸੀ ਕਫ਼ਨ ਨਾਲ ਹੱਥ ਪੈਰ ਬੱਧੇ ਹੋਏ ਬਾਹਰ ਨਿੱਕਲ ਆਇਆ ਅਰ ਉਹ ਦੇ ਮੂੰਹ ਉੱਤੇ ਰੁਮਾਲ ਵਲ੍ਹੇਟਿਆ ਹੋਇਆ ਸੀ। ਯਿਸੂ ਨੇ ਉਨ੍ਹਾਂ ਨੂੰ ਆਖਿਆ, ਉਹ ਨੂੰ ਖੋਲ੍ਹੋ ਅਤੇ ਜਾਣ ਦਿਓ। ਯੂਹੰਨਾ 11 : 43, 44

# ਪਰਮੇਸ਼ੁਰ ਦੇ ਹੁਕਮ

ਬਿਵਸਥਾ ਸਾਰ 5 : 7-21

ਮੇਰੇ ਸਨਮੁਖ ਤੇਰੇ ਲਈ ਦੂਜੇ ਦੇਵਤੇ ਨਾ ਹੋਣ ॥

ਤੂੰ ਆਪਣੇ ਲਈ ਉੱਕਰੀ ਹੋਈ ਮੂਰਤ ਨਾ ਬਣਾ, ਨਾ ਕਿਸੇ ਚੀਜ਼ ਦੀ ਸੂਰਤ ਜਿਹੜੀ ਉੱਪਰ ਆਕਾਸ਼ ਵਿੱਚ ਅਤੇ ਜਿਹੜੀ ਹੇਠਾਂ ਧਰਤੀ ਉੱਤੇ ਅਰ ਜਿਹੜੀ ਧਰਤੀ ਦੇ ਹੇਠਲੇ ਪਾਣੀਆਂ ਵਿੱਚ ਹੈ। ਨਾ ਤੂੰ ਓਹਨਾਂ ਦੇ ਅੱਗੇ ਮੱਥਾ ਟੇਕ, ਨਾ ਓਹਨਾਂ ਦੀ ਪੂਜਾ ਕਰ ਕਿਉਂ ਜੋ ਮੈਂ ਯਹੋਵਾਹ ਤੇਰਾ ਪਰਮੇਸ਼ੁਰ ਅਣਖ ਵਾਲਾ ਪਰਮੇਸ਼ੁਰ ਹਾਂ ਜਿਹੜਾ ਪਿਓ ਦਾਦਿਆਂ ਦੀ ਬੁਰਿਆਈ ਨੂੰ ਬੱਚਿਆਂ ਉੱਤੇ ਲਿਆਉਂਦਾ ਹਾਂ। ਪਰ ਹਜ਼ਾਰਾਂ ਉੱਤੇ ਜਿਹੜੇ ਮੇਰੇ ਨਾਲ ਪ੍ਰੀਤ ਪਾਲਦੇ ਤੇ ਮੇਰੇ ਹੁਕਮਾਂ ਨੂੰ ਮੰਨਦੇ ਹਨ ਦਯਾ ਕਰਦਾ ਹਾਂ ॥

ਤੂੰ ਯਹੋਵਾਹ ਆਪਣੇ ਪਰਮੇਸ਼ੁਰ ਦਾ ਨਾਮ ਵਿਅਰਥ ਨਾ ਲੈ ਕਿਉਂਕਿ ਜਿਹੜਾ ਉਹ ਦਾ ਨਾਮ ਵਿਅਰਥ ਲੈਂਦਾ ਹੈ ਯਹੋਵਾਹ ਉਸ ਨੂੰ ਬੇਦੋਸ਼ ਨਾ ਠਹਿਰਾਵੇਗਾ ॥

ਤੂੰ ਸਬਤ ਦੇ ਦਿਨ ਨੂੰ ਪਵਿੱਤ੍ਰ ਜਾਣਕੇ ਚੇਤੇ ਰੱਖ ਜਿਵੇਂ ਯਹੋਵਾਰ ਤੇਰੇ ਪਰਮੇਸ਼ੁਰ ਨੇ ਤੈਨੂੰ ਹੁਕਮ ਦਿੱਤਾ ਸੀ। ਛੇ ਦਿਨ ਤੂੰ ਮਿਹਨਤ ਕਰ ਅਤੇ ਆਪਣਾ ਸਾਰਾ ਕੰਮ ਧੰਦਾ ਕਰ। ਪਰ ਸੱਤਵਾਂ ਦਿਨ ਯਹੋਵਾਰ ਤੇਰੇ ਪਰਮੇਸ਼ੁਰ ਲਈ ਸਬਤ ਹੈ।......

ਤੂੰ ਆਪਣੇ ਪਿਤਾ ਅਤੇ ਮਾਤਾ ਦਾ ਆਦਰ ਕਰ ਜਿਵੇਂ ਯੋਹਵਾਹ ਤੇਰੇ ਪਰਮੇਸ਼ੁਰ ਨੇ ਤੈਨੂੰ ਹੁਕਮ ਦਿੱਤਾ ਸੀ...........

ਤੂੰ ਖ਼ੂਨ ਨਾ ਕਰ॥ ਤੂੰ ਜ਼ਨਾਹ ਨਾ ਕਰ॥

ਤੂੰ ਚੋਰੀ ਨਾ ਕਰ॥

ਤੂੰ ਆਪਣੇ ਗੁਆਂਢੀ ਉੱਤੇ ਝੂਠੀ ਗਵਾਹੀ ਨਾ ਦੇਹ॥

ਤੂੰ ਆਪਣੇ ਗੁਆਂਢੀ ਦੀ ਤੀਵੀਂ ਦੀ ਲਾਲਸਾ ਨਾ ਕਰ। ਤੂੰ ਆਪਣੇ ਗੁਆਂਢੀ ਦੀ ਹਿਰਸ ਨਾ ਕਰ, ਨਾ ਉਹ ਦੇ ਖੇਤ, ਨਾ ਉਹ ਦੇ ਗੋੱਲੇ, ਨਾ ਉਹ ਦੀ ਗੋੱਲੀ, ਨਾ ਉਹ ਦੇ ਬਲਦ, ਨਾ ਉਹ ਦੇ ਖੋਤੇ ਅਤੇ ਨਾ ਆਪਣੇ ਗੁਆਂਢੀ ਦੀ ਕਿਸੇ ਚੀਜ਼ ਦੀ॥

## 22 ਤੁਸੀਂ ਪਰਮੇਸ਼ੁਰ ਕੋਲੋਂ ਛੁਪ ਨਹੀਂ ਸਕਦੇ

**ਕਹਾਉਤਾਂ 15 : 3**

ਯਹੋਵਾਹ ਦੀਆਂ ਅੱਖਾਂ ਸਭਨੀਂ ਥਾਈਂ ਲੱਗੀਆਂ ਰਹਿੰਦੀਆਂ ਹਨ। ਅਤੇ ਬੁਰੇ ਭਲੇ ਦੋਹਾਂ ਨੂੰ ਤੱਕਦੀਆਂ ਹਨ।

**ਅੱਯੂਬ 34 : 21,22**

ਕਿਉਂ ਜੋ ਉਸ ਦੀਆਂ ਅੱਖਾਂ ਮਨੁੱਖ ਦੇ ਮਾਰਗਾਂ ਉੱਤੇ ਹਨ, ਉਹ ਉਸ ਦੇ ਸਾਰੇ ਕਦਮਾਂ ਨੂੰ ਵੇਖਦਾ ਹੈ। ਨਾ ਕੋਈ ਅਨ੍ਹੇਰ ਨਾ ਮੌਤ ਦਾ ਪਰਛਾਵਾਂ ਹੈ, ਜਿੱਥੇ ਕੁਕਰਮੀ ਲੁਕ ਜਾਣ।

**ਲੂਕਾ 8 : 17**

ਕੁਝ ਓਹਲੇ ਤਾਂ ਨਹੀਂ ਜੋ ਪਰਗਟ ਨਾ ਹੋਵੇਗਾ ਅਤੇ ਕੁਝ ਲੁਕਿਆ ਨਹੀਂ ਜੋ ਜਾਣਿਆ ਨਾ ਜਾਵੇ ਅਤੇ ਉਜਾਗਰ ਨਾ ਹੋਵੇ।

# ਭਗਤੀਹੀਣਾਂ ਦੀ ਹਮੇਸ਼ਾ ਦੀ ਸੱਜ਼ਾ 23

ਮੱਤੀ 25 : 46

ਅਤੇ ਏਹ ਸਦੀਪਕ ਸਜ਼ਾ ਵਿੱਚ ਜਾਣਗੇ, ਪਰ ਧਰਮੀ ਸਦੀਪਕ ਜੀਉਣ ਵਿੱਚ ॥

ਮੱਤੀ 13 : 41, 42

ਮਨੁੱਖ ਦਾ ਪੁੱਤ੍ਰ ਆਪਣਿਆਂ ਦੂਤਾਂ ਨੂੰ ਘੱਲੇਗਾ ਅਤੇ ਓਹ ਉਸ ਦੇ ਰਾਜ ਵਿੱਚੋਂ ਸਾਰੀਆਂ ਠੋਕਰ ਖੁਆਉਣ ਵਾਲੀਆਂ ਚੀਜ਼ਾਂ ਨੂੰ ਅਤੇ ਕੁਕਰਮੀਆਂ ਨੂੰ ਇਕੱਠਿਆਂ ਕਰਨਗੇ ਅਤੇ ਉਨ੍ਹਾਂ ਨੂੰ ਭਖਦੇ ਭੱਠੇ ਵਿੱਚ ਸੁੱਟ ਦੇਣਗੇ ।

ਜ਼ਬੂਰ 9 : 17

ਦੁਸ਼ਟ ਪਤਾਲ ਵਿੱਚ ਮੁੜ ਜਾਣਗੇ, ਓਹ ਸਾਰੀਆਂ ਕੌਮਾਂ ਜਿਹੜੀਆਂ ਪਰਮੇਸ਼ੁਰ ਨੂੰ ਵਿਸਾਰ ਦਿੰਦੀਆਂ ਹਨ ।

# ਨਿਆਉਂ ਅੱਗੇ ਹੈ

ਕਰਤੱਬ 17 : 31

ਕਿਉਂ ਜੋ ਉਸਨੇ ਇੱਕ ਦਿਨ ਠਹਿਰਾ ਛੱਡਿਆ ਹੈ ਜਿਹ ਦੇ ਵਿੱਚ ਉਹ ਸਚਿਆਈ ਨਾਲ ਸੰਸਾਰ ਦਾ ਨਿਆਉਂ ਕਰੇਗਾ ਓਸ ਮਨੁੱਖ ਦੇ ਰਾਹੀਂ ਜਿਹ ਨੂੰ ਉਸ ਨੇ ਠਹਿਰਾਇਆ ਅਤੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲ ਕੇ ਇਹ ਗੱਲ ਸਭਨਾਂ ਉੱਤੇ ਸਾਬਤ ਕਰ ਦਿੱਤੀ ਹੈ ।

ਰੋਮੀਆਂ 14 : 12

ਸੋ ਸਾਡੇ ਵਿੱਚੋਂ ਹਰੇਕ ਨੇ ਪਰਮੇਸ਼ੁਰ ਨੂੰ ਆਪੋ ਆਪਣਾ ਲੇਖਾ ਦੇਣਾ ਹੈ ।

1 ਯੂਹੰਨਾ 4 : 17

ਪ੍ਰੇਮ ਸਾਡੇ ਵਿੱਚ ਇਸ ਤੋਂ ਸੰਪੂਰਨ ਹੋਇਆ ਹੈ ਭਈ ਨਿਆਉਂ ਦੇ ਦਿਨ ਸਾਨੂੰ ਦਿਲੇਰੀ ਹੋਵੇ ਕਿਉਂਕਿ ਜਿਵੇਂ ਉਹ ਹੈ ਤਿਵੇਂ ਅਸੀਂ ਵੀ ਇਸ ਸੰਸਾਰ ਵਿੱਚ ਹਾਂ ।

ਰੋਮੀਆਂ 9 : 16

ਸੋ ਇਹ ਤਾਂ ਨਾ ਚਾਹੁਣ ਵਾਲੇ ਦਾ, ਨਾ ਦੌੜ ਭੱਜ ਕਰਨ ਵਾਲੇ ਦਾ, ਸਗੋਂ ਪਰਮੇਸ਼ੁਰ ਦਾ ਕੰਮ ਹੈ ਜਿਹੜਾ ਦਯਾ ਕਰਦਾ ਹੈ ।

1 ਪਤਰਸ 5 : 5

......ਇਸ ਲਈ ਜੋ ਪਰਮੇਸ਼ੁਰ ਹੰਕਾਰੀਆਂ ਦਾ ਸਾਹਮਣਾ ਕਰਦਾ ਪਰ ਹਲੀਮਾਂ ਨੂੰ ਕਿਰਪਾ ਬਖ਼ਸ਼ਦਾ ਹੈ।

2 ਕੁਰਿੰਥੀਆਂ 8 : 9

ਕਿਉਂਕਿ ਤੁਸੀਂ ਸਾਡੇ ਪ੍ਰਭੁ ਯਿਸੂ ਮਸੀਹ ਦੀ ਕਿਰਪਾ ਨੂੰ ਜਾਣਦੇ ਹੋ ਜੋ ਭਾਵੇਂ ਉਹ ਧਨੀ ਸੀ ਪਰ ਤੁਹਾਡੇ ਲਈ ਨਿਰਧਨ ਬਣਿਆ ਭਈ ਤੁਸੀਂ ਉਹਦੀ ਨਿਰਧਨਤਾਈ ਤੋਂ ਧਨੀ ਹੋ ਜਾਓ ।

# ਤੋਬਾ

### ਕਰਤੱਬ 3 : 19

ਇਸ ਲਈ ਤੋਬਾ ਕਰੋ ਅਤੇ ਮੁੜੋ ਭਈ ਤੁਹਾਡੇ ਪਾਪ ਮਿਟਾਏ ਜਾਣ ਤਾਂ ਜੋ ਪ੍ਰਭੂ ਦੇ ਹਜ਼ੂਰੋਂ ਸੁਖ ਦੇ ਦਿਨ ਆਉਣ ।

### ਮੱਤੀ 3 : 2

ਤੋਬਾ ਕਰੋ ਕਿਉਂ ਜੋ ਸੁਰਗ ਦਾ ਰਾਜ ਨੇੜੇ ਆਇਆ ਹੈ ।

### 2 ਕੁਰਿੰਥੀਆਂ 7 : 10

ਕਿਉਂ ਜੋ ਪਰਮੇਸ਼ੁਰ ਜੋਗ ਉਦਾਸੀ ਮੁਕਤੀ ਲਈ ਅਜਿਹੀ ਤੋਬਾ ਪੈਦਾ ਕਰਦੀ ਹੈ ਜਿਸ ਤੋਂ ਕੋਈ ਨਹੀਂ ਪਛਤਾਉਂਦਾ ਪਰ ਸੰਸਾਰ ਦੀ ਉਦਾਸੀ ਮੌਤ ਨੂੰ ਪੈਦਾ ਕਰਦੀ ਹੈ ।

### ਲੂਕਾ 13 : 3

ਮੈਂ ਤੁਹਾਨੂੰ ਆਖਦਾ ਹਾਂ, ਨਹੀਂ ਪਰ ਜੇ ਤੁਸੀਂ ਤੋਬਾ ਨਾ ਕਰੋ ਤਾਂ ਤੁਸਾਂ ਸਭਨਾਂ ਦਾ ਇਸੇ ਤਰਾਂ ਨਾਸ਼ ਹੋ ਜਾਵੇਗਾ-।

# ਪਾਪਾਂ ਦੀ ਮਾਫ਼ੀ

ਮੱਤੀ 6 : 14

ਕਿਉਂਕਿ ਜੋ ਤੁਸੀਂ ਮਨੁੱਖਾਂ ਨੂੰ ਉਨ੍ਹਾਂ ਦੇ ਅਪਰਾਧ ਮਾਫ਼ ਕਰ ਦਿਓ ਤਾਂ ਤੁਹਾਡਾ ਸੁਰਗੀ ਪਿਤਾ ਤੁਹਾਨੂੰ ਵੀ ਮਾਫ਼ ਕਰ ਦੇਵੇਗਾ ।

ਪਰਕਾਸ਼ 3 : 20

ਵੇਖ, ਮੈਂ ਬੂਹੇ ਉੱਤੇ ਖਲੋਤਾ ਅਤੇ ਖੜਕਾਉਂਦਾ ਹਾਂ । ਜੇ ਕੋਈ ਮੇਰੀ ਅਵਾਜ਼ ਸੁਣੇ ਅਤੇ ਬੂਹਾ ਖੋਲ੍ਹ ਦੇਵੇ ਤਾਂ ਮੈਂ ਉਹਦੇ ਕੋਲ ਅੰਦਰ ਜਾਵਾਂਗਾ ਅਤੇ ਉਹ ਦੇ ਨਾਲ ਪਰਸ਼ਾਦ ਛਕਾਂਗਾ ਅਤੇ ਉਹ ਮੇਰੇ ਨਾਲ ਛਕੇਗਾ ।

ਯਸਾਯਾਹ 55 : 7

ਦੁਸ਼ਟ ਆਪਣੇ ਰਾਹ ਨੂੰ ਤਿਆਗੇ, ਅਤੇ ਬੁਰਿਆਰ ਆਪਣੇ ਖ਼ਿਆਲਾਂ ਨੂੰ, ਉਹ ਯਹੋਵਾਹ ਵੱਲ ਮੁੜੇ ਅਤੇ ਉਹ ਉਸ ਤੇ ਰਹਮ ਕਰੇਗਾ, ਅਤੇ ਸਾਡੇ ਪਰਮੇਸ਼ੁਰ ਵੱਲ ਜੋ ਅੱਤ ਦਿਆਲੂ ਹੈ ।

# ਸੰਸਾਰ ਤੋਂ ਵਖੇਵਾਂ

ਅਫ਼ਸੀਆਂ 5 : 11

ਅਤੇ ਅਨ੍ਹੇਰੇ ਦੇ ਅਫਲ ਕਾਰਜਾਂ ਵਿੱਚ ਸਾਂਝੀ ਨਾ ਹੋਵੇ, ਪਰ ਉਨ੍ਹਾਂ ਨੂੰ ਨੰਗਿਆਂ ਕਰੋ ।

ਕੁਲੁੱਸੀਆਂ 3 : 2

ਉਤਾਹਾਂ ਦੀਆਂ ਗੱਲਾਂ ਉੱਤੇ ਚਿੱਤ ਲਾਓ, ਨਾ ਉਨ੍ਹਾਂ ਉੱਤੇ ਜਿਹੜੀਆਂ ਧਰਤੀ ਉੱਪਰ ਹਨ ।

ਸੰਸਾਰ ਨਾਲ ਮੋਹ ਨਾ ਰੱਖੋ, ਨਾ ਉਨ੍ਹਾਂ ਵਸਤਾਂ ਨਾਲ ਜੋ ਸੰਸਾਰ ਵਿੱਚ ਹਨ । ਜੇ ਕੋਈ ਸੰਸਾਰ ਨਾਲ ਮੋਹ ਰੱਖਦਾ ਹੋਵੇ ਤਾਂ ਉਹ ਦੇ ਵਿੱਚ ਪਿਤਾ ਦਾ ਪ੍ਰੇਮ ਨਹੀਂ । ਕਿਉਂਕਿ ਸੱਭੋ ਕੁਝ ਜੋ ਸੰਸਾਰ ਵਿੱਚ ਹੈ ਅਰਥਾਤ ਸਰੀਰ ਦੀ ਕਾਮਨਾ ਅਤੇ ਨੇਤਰਾਂ ਦੀ ਕਾਮਨਾ ਅਤੇ ਜੀਵਨ ਦਾ ਅਭਮਾਨ ਸੋ ਪਿਤਾ ਤੋਂ ਨਹੀਂ ਸਗੋਂ ਸੰਸਾਰ ਤੋਂ ਹੈ । 1 ਯੂਹੰਨਾ 2 : 15, 16

# ਨਵਾਂ ਜਨਮ

ਯੂਹੰਨਾ 3 : 3

ਯਿਸੂ ਨੇ ਉਹ ਨੂੰ ਉੱਤਰ ਦਿਤਾ, ਮੈਂ ਤੈਨੂੰ ਸੱਚ ਸੱਚ ਆਖਦਾ ਹਾਂ ਕਿ ਕੋਈ ਮਨੁੱਖ ਜੇਕਰ ਨਵੇਂ ਸਿਰਿਓਂ ਨਾ ਜੰਮੇ ਪਰਮੇਸ਼ੁਰ ਦੇ ਰਾਜ ਨੂੰ ਵੇਖ ਨਹੀਂ ਸੱਕਦਾ।

1 ਪਤਰਸ 1 : 23

ਕਿਉਂ ਜੋ ਤੁਸੀਂ ਨਾਸ਼ਵਾਨ ਤੁਖਮ ਤੋਂ ਨਹੀਂ ਸਗੋਂ ਅਵਨਾਸ਼ੀ ਤੋਂ ਪਰਮੇਸ਼ੁਰ ਦੇ ਬਚਨ ਦੇ ਰਾਹੀਂ ਜਿਹੜਾ ਜੀਉਂਦਾ ਅਤੇ ਇਸਥਿਰ ਹੈ ਨਵੇਂ ਸਿਰਿਓਂ ਜਨਮੇ ਹੋ।

ਅਸੀਂ ਜਾਣਦੇ ਹਾਂ ਭਈ ਹਰ ਕੋਈ ਜਿਹੜਾ ਪਰਮੇਸ਼ੁਰ ਤੋਂ ਜੰਮਿਆ ਹੈ ਸੋ ਪਾਪ ਨਹੀਂ ਕਰਦਾ ਸਗੋਂ ਜਿਹੜਾ ਪਰਮੇਸ਼ੁਰ ਤੋਂ ਜੰਮਿਆ ਸੀ ਉਹ ਉਸ ਦੀ ਰੱਛਿਆ ਕਰਦਾ ਹੈ ਅਤੇ ਉਹ ਦੁਸ਼ਟ ਉਸ ਨੂੰ ਹੱਥ ਨਹੀਂ ਲਾਉਂਦਾ। 1 ਯੂਹੰਨਾ 5 : 18

# 30 ਪਾਪ ਦੀ ਵੱਲੋਂ ਮੋਏ–ਮਸੀਹ ਵਿੱਚ ਜਿਵਾਏ ਗਏ

ਅਫਸੀਆਂ 2 : 1, 6

ਉਹ ਨੇ ਤੁਹਾਨੂੰ ਵੀ ਜਾਂ ਤੁਸੀਂ ਆਪਣੇ ਅਪਰਾਧਾਂ ਅਤੇ ਪਾਪਾਂ ਦੇ ਕਾਰਨ ਮੁਰਦੇ ਸਾਓ ਜਿਵਾਲਿਆ ।..... ਅਤੇ ਉਹ ਨੇ ਸਾਨੂੰ ਉਸ ਦੇ ਨਾਲ ਉਠਾਇਆ ਅਰ ਸਾਨੂੰ ਮਸੀਹ ਯਿਸੂ ਵਿੱਚ ਸੁਰਗੀ ਥਾਵਾਂ ਉੱਤੇ ਉਸ ਦੇ ਨਾਲ ਬਹਾਲਿਆ ।

ਰੋਮੀਆਂ 6 ; 2, 11

ਕਦੇ ਨਹੀਂ ! ਅਸੀਂ ਜਿਹੜੇ ਪਾਪ ਦੀ ਵੱਲੋਂ ਮੋਏ ਹੁਣ ਅਗਾਹਾਂ ਨੂੰ ਓਸ ਵਿੱਚ ਕਿਕੁੱਰ ਜੀਵਨ ਕੱਟੀਏ ?......ਇਸੇ ਤਰ੍ਹਾਂ ਤੁਸੀਂ ਭੀ ਆਪਣੇ ਆਪ ਨੂੰ ਪਾਪ ਦੀ ਵਲੋਂ ਮੋਏ ਹੋਏ ਪਰ ਮਸੀਹ ਯਿਸੂ ਵਿੱਚ ਪਰਮੇਸੁਰ ਲਈ ਜੀਉਂਦੇ ਸਮਝੋ ।

# ਸਦੀਪਕ ਜੀਵਨ

ਯੂਹੰਨਾ 17 : 3

ਅਤੇ ਸਦੀਪਕ ਜੀਉਣ ਇਹ ਹੈ ਕਿ ਉਹ ਤੈਨੂੰ ਜੋ ਸੱਚਾ ਵਾਹਿਦ ਪਰਮੇਸ਼ੁਰ ਹੈ ਅਤੇ ਯਿਸੂ ਮਸੀਹ ਨੂੰ ਜਿਹ ਨੂੰ ਤੈਂ ਘੱਲਿਆ ਜਾਣਨ ।

ਯੂਹੰਨਾ 5 : 24

ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਕਿ ਜੋ ਮੇਰਾ ਬਚਨ ਸੁਣਦਾ ਅਤੇ ਉਹ ਦੀ ਪਰਤੀਤ ਕਰਦਾ ਹੈ ਜਿਨ੍ਹ ਮੈਨੂੰ ਘੱਲਿਆ ਸਦੀਪਕ ਜੀਉਣ ਉਹ ਦਾ ਹੈ ਅਰ ਉਸ ਉੱਤੇ ਸਜ਼ਾ ਦਾ ਹੁਕਮ ਨਹੀਂ ਹੁੰਦਾ ਸਗੋਂ ਮੌਤ ਤੋਂ ਪਾਰ ਲੰਘ ਕੇ ਓਹ ਜੀਉਣ ਵਿੱਚ ਜਾ ਪਹੁੰਚਿਆ ਹੈ ।

ਰੋਮੀਆਂ 6 : 23

ਪਾਪ ਦੀ ਮਜੂਰੀ ਤਾਂ ਮੌਤ ਹੈ ਪਰ ਪਰਮੇਸ਼ੁਰ ਦੀ ਬਖ਼ਸ਼ੀਸ਼ ਮਸੀਹ ਯਿਸੂ ਸਾਡੇ ਪ੍ਰਭੂ ਦੇ ਵਿੱਚ ਜੀਵਨ ਹੈ ।

### 1 ਯੂਹੰਨਾ 3 : 18, 19

ਹੇ ਬੱਚਿਓ, ਅਸੀਂ ਗੱਲੀਂ ਅਤੇ ਜਬਾਨੀ ਨਹੀਂ ਸਗੋਂ ਕਰਨੀ ਅਤੇ ਸਚਿਆਈ ਤੋਂ ਪ੍ਰੇਮ ਕਰੀਏ । ਇਸ ਤੋਂ ਅਸੀਂ ਜਾਣਾਂਗੇ ਜੋ ਅਸੀਂ ਸਤ ਤੋਂ ਹਾਂ ਅਤੇ ਜਿਸ ਗੱਲ ਵਿੱਚ ਸਾਡਾ ਮਨ ਸਾਨੂੰ ਦੋਸ਼ ਲਾਉਂਦਾ ਹੈ ਓਸ ਵਿੱਚ ਆਪਣੇ ਮਨ ਨੂੰ ਉਹਦੇ ਅੱਗੇ ਪੱਕਾ ਕਰਾਂਗੇ ।

### ਯੂਹੰਨਾ 14 : 21

ਜਿਹ ਦੇ ਕੋਲ ਮੇਰੇ ਹੁਕਮ ਹਨ ਅਤੇ ਉਹ ਉਨ੍ਹਾਂ ਦੀ ਪਾਲਨਾ ਕਰਦਾ ਹੈ ਸੋਈ ਹੈ ਜੋ ਮੈਨੂੰ ਪਿਆਰ ਕਰਦਾ ਹੈ, ਅਤੇ ਜਿਹੜਾ ਮੈਨੂੰ ਪਿਆਰ ਕਰਦਾ ਹੈ ਉਹ ਮੇਰੇ ਪਿਤਾ ਦਾ ਪਿਆਰਾ ਹੋਵੇਗਾ ਅਰ ਮੈਂ ਉਹ ਦੇ ਨਾਲ ਪਿਆਰ ਕਰਾਂਗਾ ਅਤੇ ਆਪਣੇ ਤਾਈਂ ਉਸ ਉੱਤੇ ਪਰਗਟ ਕਰਾਂਗਾ ।

# ਸਾਡੇ ਵਿੱਚ ਸਮਾਇਆ ਹੋਇਆ ਮਸੀਹ 
# ਖੁਸ਼ੀ ਦਿੰਦਾ ਹੈ

### ਜ਼ਬੂਰ 16 : 11

ਤੂੰ ਮੈਨੂੰ ਜੀਉਣ ਦਾ ਮਾਰਗ ਵਿਖਾਵੇਂਗਾ, ਤੇਰੇ ਹਜ਼ੂਰ ਅਨੰਦ ਦੀ ਭਰਪੂਰੀ ਹੈ, ਤੇਰੇ ਸਜੇ ਹੱਥ ਸਦਾ ਖੁਸ਼ੀਆਂ ਹੁੰਦੀਆਂ ਹਨ ॥

### ਗਲਾਤੀਆਂ 2 : 20

ਮੈਂ ਮਸੀਹ ਦੇ ਨਾਲ ਸਲੀਬ ਦਿੱਤਾ ਗਿਆ ਹਾਂ ਪਰ ਹੁਣ ਤੋਂ ਮੈਂ ਤਾਂ ਨਹੀਂ ਜੀਉਂਦਾ ਸਗੋਂ ਮਸੀਹ ਮੇਰੇ ਵਿੱਚ ਜੀਉਂਦਾ ਹੈ ਅਤੇ ਹੁਣ ਜਿਹੜਾ ਜੀਵਨ ਸਰੀਰ ਵਿੱਚ ਭੋਗਦਾ ਹਾਂ ਸੋ ਪਰਮੇਸ਼ੁਰ ਦੇ ਪੁੱਤ੍ਰ ਉੱਤੇ ਨਿਹਚਾ ਨਾਲ ਭੋਗਦਾ ਹਾਂ ਜਿਹ ਨੇ ਮੇਰੇ ਨਾਲ ਪ੍ਰੇਮ ਕੀਤਾ ਅਤੇ ਆਪਣੇ ਆਪ ਨੂੰ ਮੇਰੇ ਲਈ ਦੇ ਦਿੱਤਾ ।

## 34 ਪ੍ਰਭੂ ਦੇ ਆਗਿਆਕਾਰੀ ਰਹਿਣਾ ਜ਼ਰੂਰੀ ਹੈ

ਰੋਮੀਆਂ 6 : 16

ਭਲਾ, ਤੁਸੀਂ ਨਹੀਂ ਜਾਣਦੇ ਹੋ ਭਈ ਆਗਿਆ ਮੰਨਣ ਲਈ ਜਿਹ ਦੇ ਹੱਥ ਤੁਸੀਂ ਆਪਣੇ ਆਪ ਨੂੰ ਦਾਸ ਬਣਾ ਕੇ ਸੌਂਪ ਦਿੰਦੇ ਹੋ ਤੁਸੀਂ ਉਸੇ ਦੇ ਦਾਸ ਹੋ ਜਿਹ ਦੀ ਆਗਿਆ ਮੰਨਦੇ ਹੋ ਭਾਵੇਂ ਮੌਤ ਲਈ ਪਾਪ ਦੇ, ਭਾਵੇਂ ਧਰਮ ਲਈ ਆਗਿਆਕਾਰੀ ਦੇ। ਅਤੇ ਤੁਹਾਨੂੰ ਜਿਹੜੇ ਦੁਖ ਪਾਉਂਦੇ ਹੋ ਸਾਡੇ ਨਾਲ ਸੁਖ ਦੇਵੇ ਉਸ ਸਮੇਂ ਜਾਂ ਪ੍ਰਭੁ ਯਿਸੂ ਆਪਣੇ ਬਲਵੰਤ ਦੂਤਾਂ ਸਣੇ ਭੜਕਦੀ ਅੱਗ ਵਿੱਚ ਅਕਾਸ਼ੋਂ ਪਰਗਟ ਹੋਵੇਗਾ। ਅਤੇ ਜਿਹੜੇ ਪਰਮੇਸ਼ੁਰ ਨੂੰ ਨਹੀਂ ਜਾਣਦੇ ਅਤੇ ਸਾਡੇ ਪ੍ਰਭੁ ਯਿਸੂ ਦੀ ਇੰਜੀਲ ਨੂੰ ਨਹੀਂ ਮੰਨਦੇ ਓਹਨਾਂ ਨੂੰ ਬਦਲਾ ਦੇਵੇਗਾ। ਓਹ ਸਜ਼ਾ ਭੋਗਣਗੇ ਅਰਥਾਤ ਪ੍ਰਭੁ ਦੇ ਹਜ਼ੂਰੋਂ ਅਤੇ ਉਹ ਦੀ ਸਮੱਰਥਾ ਦੇ ਤੇਜ ਤੋਂ ਸਦਾ ਦਾ ਵਿਨਾਸ਼। 2 ਥੱਸਲੁਨੀਕੀਆਂ 1 : 7—9

# ਮਸੀਹ ਦਾ ਇਕਰਾਰ ਜ਼ਰੂਰੀ ਹੈ 

ਮੱਤੀ 10 : 32,33

ਉਪਰੰਤ ਜੋ ਕੋਈ ਮਨੁੱਖਾਂ ਦੇ ਅੱਗੇ ਮੇਰਾ ਇਕਰਾਰ ਕਰੇਗਾ ਮੈਂ ਵੀ ਆਪਣੇ ਪਿਤਾ ਦੇ ਅੱਗੇ ਜਿਹੜਾ ਸੁਰਗ ਵਿੱਚ ਹੈ ਉਹ ਦਾ ਇਕਰਾਰ ਕਰਾਂਗਾ । ਪਰ ਜੋ ਕੋਈ ਮਨੁੱਖਾਂ ਦੇ ਅੱਗੇ ਮੇਰਾ ਇਨਕਾਰ ਕਰੇਗਾ ਮੈਂ ਵੀ ਆਪਣੇ ਪਿਤਾ ਦੇ ਅੱਗੇ ਜਿਹੜਾ ਸੁਰਗ ਵਿੱਚ ਹੈ ਉਹ ਦਾ ਇਨਕਾਰ ਕਰਾਂਗਾ ।

ਰੋਮੀਆਂ 10 : 9, 10

ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੁ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਹਿਰਦੇ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਤਾਂ ਤੂੰ ਬਚਾਇਆ ਜਾਵੇਂਗਾ। ਧਰਮ ਲਈ ਤਾਂ ਹਿਰਦੇ ਨਾਲ ਨਿਹਚਾ ਕਰੀਦੀ ਅਤੇ ਮੁਕਤੀ ਲਈ ਮੂਹ ਨਾਲ ਇਕਰਾਰ ਕਰੀਦਾ ਹੈ ।

# 36 ਸ਼ਤਾਨ–ਸਾਡਾ ਵੱਡਾ ਵਿਰੋਧੀ

## ਮੱਤੀ 4 : 1 , 10, 11

ਤਦ ਯਿਸੂ ਆਤਮਾ ਦੀ ਅਗਵਾਈ ਨਾਲ ਉਜਾੜ ਵਿੱਚ ਗਿਆ ਭਈ ਸ਼ਤਾਨ ਕੋਲੋਂ ਪਰਤਾਇਆ ਜਾਵੇ 1.........ਤਦੋਂ ਯਿਸੂ ਨੇ ਉਸ ਨੂੰ ਕਿਹਾ, ਹੇ ਸ਼ਤਾਨ ਚੱਲਿਆ ਜਾਹ ! ਕਿਉਂ ਜੋ ਲਿਖਿਆ ਹੈ ਭਈ ਤੂੰ ਪ੍ਰਭੁ ਆਪਣੇ ਪਰਮੇਸ਼ੁਰ ਨੂੰ ਮੱਥਾ ਟੇਕ ਅਤੇ ਉਸੇ ਇਕੱਲੇ ਦੀ ਉਪਾਸਨਾ ਕਰ। ਤਦ ਸ਼ਤਾਨ ਉਹ ਨੂੰ ਛੱਡ ਗਿਆ ਅਤੇ ਵੇਖੋ ਦੂਤ ਕੋਲ ਆਣ ਕੇ ਉਹ ਦੀ ਟਹਿਲ ਕਰਨ ਲਗੇ।

## 1 ਪਤਰਸ 5 : 8

ਸੁਚੇਤ ਹੋਵੋ, ਜਾਗਦੇ ਰਹੋ ! ਤੁਹਾਡਾ ਵਿਰੋਧੀ ਸ਼ਤਾਨ ਬੁਕ-ਦੇ ਸ਼ੀਂਹ ਵਾਂਙੁ ਭਾਲਦਾ ਫਿਰਦਾ ਹੈ ਭਈ ਕਿਹ ਨੂੰ ਪਾੜ ਖਾਵਾਂ।

# ਸ਼ਤਾਨ ਉੱਤੇ ਫ਼ਤੇ

2 ਥੱਸਲੁਨੀਕੀਆਂ 2 : 8

ਤਦ ਉਹ ਕੁਧਰਮੀ ਪਰਗਟ ਹੋਵੇਗਾ ਜਿਹ ਨੂੰ ਪ੍ਰਭੁ ਯਿਸੂ ਆਪਣੇ ਮੁਖ ਦੇ ਸਾਰ ਨਾਲ ਦਗਧ ਕਰੇਗਾ ਅਤੇ ਆਪਣੇ ਆਉਣ ਦੇ ਪਰਕਾਸ਼ ਨਾਲ ਨਾਸ ਕਰੇਗਾ ।

1 ਯੂਹੰਨਾ 3 : 8

ਜਿਹੜਾ ਪਾਪ ਕਰਦਾ ਹੈ ਉਹ ਸ਼ਤਾਨ ਤੋਂ ਹੈ ਕਿਉਂ ਜੋ ਸ਼ਤਾਨ ਮੁੱਢੋਂ ਹੀ ਪਾਪ ਕਰਦਾ ਆਇਆ ਹੈ । ਪਰਮੇਸ਼ੁਰ ਦਾ ਪੁੱਤ੍ਰ ਇਸੇ ਲਈ ਪਰਗਟ ਹੋਇਆ ਭਈ ਸ਼ਤਾਨ ਦੇ ਕੰਮਾਂ ਨੂੰ ਨਸ਼ਟ ਕਰੇ ।

ਯਾਕੂਬ 4 : 7, 8

ਉਪਰੰਤ ਤੁਸੀਂ ਪਰਮੇਸ਼ੁਰ ਦੇ ਅਧੀਨ ਹੋਵੋ । ਪਰ ਸ਼ਤਾਨ ਦਾ ਸਾਹਮਣਾ ਕਰੋ ਤਾਂ ਉਹ ਤੁਹਾਡੇ ਕੋਲੋਂ ਭੱਜ ਜਾਵੇਗਾ । ਪਰਮੇਸ਼ੁਰ ਦੇ ਨੇੜੇ ਜਾਓ ਤਾਂ ਉਹ ਤੁਹਾਡੇ ਨੇੜੇ ਆਵੇਗਾ ।

# ਪ੍ਰੇਮ, ਸ਼ਾਗਿਰਦੀ ਦੀ ਪਰਖ

ਯੂਹੰਨਾ 13 : 35

ਜੇ ਤੁਸੀਂ ਆਪੋ ਵਿੱਚ ਪ੍ਰੇਮ ਰੱਖੋ ਤਾਂ ਇਸੇ ਤੋਂ ਸਭ ਜਾਣਨਗੇ ਭਈ ਤੁਸੀਂ ਮੇਰੇ ਚੇਲੇ ਹੋ ।

1 ਯੂਹੰਨਾ 4 : 20

ਜੇ ਕੋਈ ਆਖੇ ਭਈ ਮੈਂ ਪਰਮੇਸ਼ੁਰ ਨਾਲ ਪ੍ਰੇਮ ਰੱਖਦਾ ਹਾਂ ਅਤੇ ਆਪਣੇ ਭਰਾ ਨਾਲ ਵੈਰ ਰੱਖੇ ਤਾਂ ਉਹ ਝੂਠਾ ਹੈ ਕਿਉਂਕਿ ਜਿਹੜਾ ਆਪਣੇ ਭਰਾ ਨਾਲ ਜਿਸ ਨੂੰ ਉਹ ਨੇ ਵੇਖਿਆ ਹੈ ਪ੍ਰੇਮ ਨਹੀਂ ਰੱਖਦਾ ਉਹ ਪਰਮੇਸ਼ਰ ਨਾਲ ਜਿਸ ਨੂੰ ਉਹ ਨੇ ਨਹੀਂ ਵੇਖਿਆ ਪ੍ਰੇਮ ਰੱਖ ਹੀ ਨਹੀਂ ਸੱਕਦਾ ।

ਗਲਾਤੀਆਂ 5 : 22, 23

ਪਰ ਆਤਮਾ ਦਾ ਫਲ ਇਹ ਹੈ—ਪ੍ਰੇਮ, ਅਨੰਦ, ਸ਼ਾਂਤੀ, ਧੀਰਜ, ਦਿਆਲਗੀ, ਭਲਿਆਈ, ਵਫ਼ਾਦਾਰੀ, ਨਰਮਾਈ, ਸੰਜਮ ।

# ਯਿਸੂ ਮਸੀਹ ਦਾ ਜੀ ਉੱਠਣਾ

ਰੋਮੀਆਂ 4 : 25

ਜਿਹੜਾ ਸਾਡੇ ਅਪਰਾਧਾਂ ਦੇ ਕਾਰਨ ਫੜਵਾਇਆ ਗਿਆ ਅਤੇ ਸਾਨੂੰ ਧਰਮੀ ਠਹਿਰਾਉਣ ਲਈ ਜਿਵਾਲਿਆ ਗਿਆ ।

ਯੂਹੰਨਾ 20 : 26-28

ਅੱਠਾਂ ਦਿਨਾਂ ਪਿਛੋਂ ਉਹ ਦੇ ਚੇਲੇ ਫੇਰ ਅੰਦਰ ਸਨ ਅਤੇ ਥੋਮਾ ਉਨ੍ਹਾਂ ਦੇ ਨਾਲ ਸੀ । ਬੂਹੇ ਵੱਜੇ ਹੋਏ ਯਿਸੂ ਆਇਆ ਅਤੇ ਵਿਚਕਾਰ ਖਲੋ ਕੇ ਬੋਲਿਆ, ਤੁਹਾਡੀ ਸ਼ਾਂਤੀ ਹੋਏ । ਫੇਰ ਉਹ ਨੇ ਥੋਮਾ ਨੂੰ ਆਖਿਆ, ਆਪਣੀ ਉਂਗਲ ਉਰੇ ਕਰ ਅਤੇ ਮੇਰੇ ਹੱਥਾਂ ਨੂੰ ਵੇਖ ਅਰ ਆਪਣਾ ਹੱਥ ਉਰੇ ਕਰ ਕੇ ਮੇਰੀ ਵੱਖੀ ਵਿੱਚ ਵਾੜ ਅਤੇ ਬੇਪਰਤੀਤਾ ਨਾ ਹੋ ਸਗੋਂ ਪਰਤੀਤਮਾਨ ਹੋ । ਥੋਮਾ ਨੇ ਉਹ ਨੂੰ ਉੱਤਰ ਦਿੱਤਾ, ਹੇ ਮੇਰੇ ਪ੍ਰਭੁ ਅਤੇ ਮੇਰੇ ਪਰਮੇਸ਼ੁਰ !

# 40 ਜੀ ਉੱਠਣਾ; ਸਾਡੀ ਸ਼ਾਨਦਾਰ ਆਸ ਹੈ

ਰੋਮੀਆਂ 6 : 3-5

ਅਥਵਾ ਤੁਸੀਂ ਇਸ ਗੱਲ ਤੋਂ ਅਣਜਾਣ ਹੋ ਭਈ ਸਾਡੇ ਵਿੱਚੋਂ ਜਿਨ੍ਹਾਂ ਨੇ ਮਸੀਹ ਯਿਸੂ ਦਾ ਬਪਤਿਸਮਾ ਲਿਆ ਉਹ ਦੀ ਮੌਤ ਦਾ ਬਪਤਿਸਮਾ ਲਿਆ ? ਸੋ ਅਸੀਂ ਮੌਤ ਦਾ ਬਪਤਿਸਮਾ ਲੈਣ ਕਰਕੇ ਉਹ ਦੇ ਨਾਲ ਦੱਬੇ ਗਏ ਤਾਂ ਜੋ ਜਿਵੇਂ ਪਿਤਾ ਦੀ ਵਡਿਆਈ ਦੇ ਵਸੀਲੇ ਨਾਲ ਮਸੀਹ ਮੁਰਦਿਆਂ ਵਿਚੋਂ ਜਿਵਾਲਿਆ ਗਿਆ ਤਿਵੇਂ ਅਸੀਂ ਵੀ ਨਵੇਂ ਜੀਵਨ ਦੇ ਰਾਹੀਂ ਚੱਲੀਏ । ਜਦੋਂ ਅਸੀਂ ਉਹ ਦੀ ਮੌਤ ਦੀ ਸਮਾਨਤਾ ਵਿੱਚ ਉਹ ਦੇ ਨਾਲ ਜੋੜੇ ਗਏ ਤਾਂ ਉਹ ਦੇ ਜੀ ਉੱਠਣ ਦੀ ਸਮਾਨਤਾ ਵਿੱਚ ਵੀ ਹੋਵਾਂਗੇ ।

# ਪ੍ਰਭੂ ਦੇ ਅੱਗੇ ਪਵਿੱਤਰਤਾਈ

ਲੂਕਾ 1 : 74, 75

ਭਈ ਉਹ ਸਾਨੂੰ ਇਹ ਬਖ਼ਸ਼ੇ ਜੋ ਅਸੀਂ ਆਪਣੇ ਵੈਰੀਆਂ ਦੇ ਹੱਥੋਂ ਛੁੱਟ ਕੇ ਉਮਰ ਭਰ ਉਹ ਦੇ ਅੱਗੇ ਪਵਿੱਤਰਤਾਈ ਤੇ ਧਰਮ ਨਾਲ ਬੇਧੜਕੇ ਉਹ ਦੀ ਉਪਾਸਨਾ ਕਰੀਏ ।

1 ਪਤਰਸ 1 : 15

ਸਗੋਂ ਜਿਵੇਂ ਤੁਹਾਡਾ ਸੱਦਣ ਵਾਲਾ ਪਵਿੱਤਰ ਹੈ ਤੁਸੀਂ ਆਪ ਭੀ ਤਿਵੇਂ ਹੀ ਆਪਣੀ ਸਾਰੀ ਚਾਲ ਵਿੱਚ ਪਵਿੱਤਰ ਬਣੋ ।

ਮੈਂ ਤਾਂ ਤੁਹਾਨੂੰ ਤੋਬਾ ਦੇ ਲਈ ਪਾਣੀ ਨਾਲ ਬਪਤਿਸਮਾ ਦਿੰਦਾ ਹਾਂ ਪਰ ਜਿਹੜਾ ਮੇਰੇ ਪਿੱਛੇ ਆਉਣ ਵਾਲਾ ਹੈ ਉਹ ਮੈਥੋਂ ਬਲਵੰਤ ਹੈ ਅਤੇ ਮੈਂ ਉਹ ਦੀ ਜੁੱਤੀ ਚੁੱਕਣ ਦੇ ਜੋਗ ਨਹੀਂ ਹਾਂ, ਉਹ ਤੁਹਾਨੂੰ ਪਵਿੱਤਰ ਆਤਮਾ ਅਤੇ ਅੱਗ ਨਾਲ ਬਪਤਿਸਮਾ ਦੇਊ । ਮੱਤੀ 3 : 11

# ਆਤਮਾ ਨਾਲ ਭਰੇ ਆਦਮੀ

ਰੋਮੀਆਂ 8 : 9

ਪਰ ਤੁਸੀਂ ਸਰੀਰਕ ਨਹੀਂ ਸਗੋਂ ਆਤਮਕ ਹੋ ਪਰ ਤਦੇ ਜੇ ਪਰਮੇਸ਼ੁਰ ਦਾ ਆਤਮਾ ਤੁਹਾਡੇ ਵਿੱਚ ਵੱਸਦਾ ਹੋਵੇ ਪਰੰਤੂ ਜਿਹ ਦੇ ਵਿੱਚ ਮਸੀਹ ਦਾ ਆਤਮਾ ਨਹੀਂ ਹੈ ਸੋ ਉਹ ਓਹ ਦਾ ਨਹੀਂ ਹੈ।

ਕਰਤੱਬ 4 : 31

ਜਦ ਓਹ ਬੇਨਤੀ ਕਰ ਹਟੇ ਤਾਂ ਉਹ ਥਾਂ ਜਿੱਥੇ ਓਹ ਇਕੱਠੇ ਹੋਏ ਸਨ ਹਿੱਲ ਗਿਆ ਅਤੇ ਸੱਭੋ ਪਵਿੱਤਰ ਆਤਮਾ ਨਾਲ ਭਰਪੂਰ ਹੋ ਗਏ ਅਰ ਪਰਮੇਸ਼ੁਰ ਦਾ ਬਚਨ ਦਲੇਰੀ ਨਾਲ ਸੁਣਾਉਣ ਲੱਗੇ।

ਕਰਤੱਬ 1 : 8

ਪਰ ਜਾਂ ਪਵਿੱਤਰ ਆਤਮਾ ਤੁਹਾਡੇ ਉੱਤੇ ਆਵੇਗਾ ਤਾਂ ਤੁਸੀਂ ਸ਼ਕਤੀ ਪਾਓਗੇ ਅਤੇ......ਮੇਰੇ ਗਵਾਹ ਹੋਵੇਗਾ।

ਯਸਾਯਾਹ 66 : 2

ਏਹਨਾਂ ਸਭਨਾਂ ਨੂੰ ਮੇਰੇ ਹੀ ਹੱਥ ਨੇ ਬਣਾਇਆ ਹੈ, ਐਉਂ ਏਹ ਸਭ ਹੋ ਗਏ, ਯਹੋਵਾਹ ਦਾ ਵਾਕ ਹੈ । ਮੈਂ ਅਜੇਹੇ ਜਨ ਉੱਤੇ ਨਿਗਾਹ ਰੱਖਾਂਗਾ,—ਅਧੀਨ ਉੱਤੇ ਅਤੇ ਨਿਮਰ ਆਤਮਾ ਵਾਲੇ ਉੱਤੇ ਜੋ ਮੇਰੇ ਬਚਨ ਤੋਂ ਕੰਬ ਜਾਂਦਾ ਹੈ ।

1 ਪਤਰਸ 4 : 12, 13

ਹੇ ਪਿਆਰਿਓ, ਜਿਹੜੀ ਬਿਪਤਾ ਦਾ ਲਾਂਬੂ ਤੁਹਾਨੂੰ ਪਰਖਣ ਲਈ ਤੁਹਾਡੇ ਉੱਤੇ ਪਿਆ ਹੋਇਆ ਹੈ ਉਹ ਨੂੰ ਅਚਰਜ ਨਾ ਮੰਨੋ ਭਈ ਜਿੱਕਰ ਤੁਹਾਡੇ ਨਾਲ ਕੋਈ ਅਣੋਖੀ ਗੱਲ ਪਈ ਬੀਤਦੀ ਹੈ । ਸਗੋਂ ਜਿੰਨੇਕੁ ਤੁਸੀਂ ਮਸੀਹ ਦੇ ਦੁਖਾਂ ਵਿੱਚ ਸਾਂਝੀ ਹੋ ਉੱਨਾ-ਕੁ ਅਨੰਦ ਕਰੋ ਭਈ ਉਹ ਦੇ ਤੇਜ ਦੇ ਪਰਕਾਸ਼ ਹੋਣ ਦੇ ਵੇਲੇ ਭੀ ਤੁਸੀਂ ਡਾਢੇ ਅਨੰਦ ਨਾਲ ਨਿਹਾਲ ਹੋਵੋ ।

# 44 ਪਰਤਾਏ ਜਾਣ ਵਾਲਿਆਂ ਲਈ ਕੌਲ

ਰੋਮੀਆਂ 16 : 20

ਅਰ ਸ਼ਾਂਤੀ ਦਾਤਾ ਪਰਮੇਸ਼ੁਰ ਸ਼ਤਾਨ ਨੂੰ ਝਬਦੇ ਤੁਹਾਡੇ ਪੈਰਾਂ ਦੇ ਹੇਠ ਮਿੱਧੇਗਾ।

ਜ਼ਬੂਰ 34 : 19

ਧਰਮੀ ਉੱਤੇ ਬਹੁਤ ਸਾਰੀਆਂ ਮੁਸੀਬਤਾਂ ਪੈਂਦੀਆਂ ਹਨ, ਪਰ ਯਹੋਵਾਹ ਉਨ੍ਹਾਂ ਸਭਨਾਂ ਤੋਂ ਉਸ ਨੂੰ ਛੁਡਾਉਂਦਾ ਹੈ।

1 ਕੁਰਿੰਥੀਆਂ 10 : 13

ਤੁਹਾਡੇ ਉੱਤੇ ਇਹੋ ਜਿਹਾ ਕੋਈ ਪਰਤਾਵਾ ਨਹੀਂ ਪਿਆ ਜੋ ਮਨੁੱਖ ਤੋਂ ਨਹੀਂ ਝੱਲਿਆ ਜਾਂਦਾ ਪਰੰਤੂ ਪਰਮੇਸ਼ੁਰ ਵਫ਼ਾਦਾਰ ਹੈ ਜੋ ਤੁਹਾਡੀ ਸ਼ਕਤੀਓਂ ਬਾਹਰ ਤੁਹਾਨੂੰ ਪਰਤਾਵੇ ਵਿੱਚ ਨਹੀਂ ਪੈਣ ਦੇਵੇਗਾ ਸਗੋਂ ਪਰਤਾਵੇ ਦੇ ਨਾਲ ਹੀ ਬਚ ਜਾਣ ਦਾ ਉਪਾਓ ਵੀ ਕੱਢ ਦੇਵੇਗਾ ਭਈ ਤੁਸੀਂ ਝੱਲ ਸੱਕੋ।

# ਕੌਲ ਜਿੱਤਣ ਵਾਲਿਆਂ ਲਈ

ਪਰਕਾਸ਼ 21 : 7

ਜਿਹੜਾ ਜਿੱਤਣ ਵਾਲਾ ਹੈ ਉਹ ਇਨ੍ਹਾਂ ਪਦਾਰਥਾਂ ਦਾ ਅਧਕਾਰੀ ਹੋਵੇਗਾ ਅਤੇ ਮੈਂ ਉਹ ਦਾ ਪਰਮੇਸ਼ੁਰ ਹੋਵਾਂਗਾ ਅਤੇ ਉਹ ਮੇਰਾ ਪੁੱਤ੍ਰ ਹੋਵੇਗਾ ।

ਪਰਕਾਸ਼ 3 : 5

ਜਿਹੜਾ ਜਿੱਤਣ ਵਾਲਾ ਹੈ ਉਹ ਨੂੰ ਇਸੇ ਪਰਕਾਰ ਚਿੱਟੇ ਬਸਤਰ ਪਹਿਨਾਏ ਜਾਣਗੇ ਅਤੇ ਮੈਂ ਉਹ ਦਾ ਨਾਉਂ ਜੀਵਨ ਦੀ ਪੋਥੀ ਵਿੱਚੋਂ ਕਦੇ ਨਾ ਮੇਟਾਂਗਾ ਸਗੋਂ ਮੈਂ ਆਪਣੇ ਪਿਤਾ ਦੇ ਅੱਗੇ ਅਤੇ ਓਸ ਦਿਆਂ ਦੂਤਾਂ ਦੇ ਅੱਗੇ ਉਹ ਦੇ ਨਾਉਂ ਦਾ ਕਰਾਰ ਕਰਾਂਗਾ ।

ਪਰਕਾਸ਼ 3 : 21

ਜਿਹੜਾ ਜਿੱਤਣ ਵਾਲਾ ਹੈ ਉਹ ਨੂੰ ਮੈਂ ਆਪਣੇ ਸਿੰਘਸਾਣ ਉੱਤੇ ਆਪਣੇ ਨਾਲ ਬਿਠਾਵਾਂਗਾ ਜਿਸ ਪਰਕਾਰ ਮੈਂ ਵੀ ਜਿੱਤਿਆਂ ਅਤੇ ਪਿਤਾ ਦੇ ਨਾਲ ਉਹ ਦੇ ਸਿੰਘਾਸਣ ਉੱਤੇ ਬੈਠਾ ।

# 46 ਪਰਮੇਸ਼ੁਰ ਤਲਾਕ ਸੰਬੰਧੀ ਸਾਡੇ ਨਾਲ ਬੋਲਦਾ ਹੈ

**1 ਕੁਰਿੰਥੀਆਂ 7 : 10, 11**

ਪਰੰਤੂ ਗ੍ਰਿਸਤੀਆਂ ਨੂੰ ਮੈਂ ਤਗੀਦ ਕਰਦਾ ਹਾਂ ਪਰ ਮੈਂ ਤਾਂ ਨਹੀਂ ਸਗੋਂ ਪ੍ਰਭੁ, ਜੋ ਪਤਨੀ ਆਪਣੇ ਪਤੀ ਤੋਂ ਅੱਡ ਨਾ ਹੋਵੇ । ਪਰ ਜੇ ਉਹ ਅੱਡ ਹੋਵੇ ਵੀ ਤਾਂ ਅਣਵਿਆਹੀ ਰਹੇ ਅਥਵਾ ਆਪਣੇ ਪਤੀ ਨਾਲ ਸੁਲ੍ਹਾ ਕਰ ਲਵੇ ਅਤੇ ਪਤੀ ਆਪਣੀ ਪਤਨੀ ਨੂੰ ਨਾ ਤਿਆਗੇ ।

**ਲੂਕਾ 16 : 18**

ਹਰੇਕ ਜੋ ਆਪਣੀ ਤੀਵੀਂ ਨੂੰ ਤਿਆਗ ਕੇ ਦੂਈ ਨੂੰ ਵਿਆਹੇ ਸੋ ਜ਼ਨਾਹ ਕਰਦਾ ਹੈ ਅਤੇ ਜਿਹੜਾ ਖਸਮ ਦੀ ਤਿਆਗੀ ਹੋਈ ਤੀਵੀਂ ਨੂੰ ਵਿਆਹੇ ਉਹ ਜ਼ਨਾਹ ਕਰਦਾ ਹੈ ।

ਪਰਕਾਸ਼ 3 : 11

ਮੈਂ ਛੇਤੀ ਆਉਂਦਾ ਹਾਂ । ਜੋ ਕੁਝ ਤੇਰੇ ਕੋਲ ਹੈ ਸੋ ਤਕੜਾਈ ਨਾਲ ਫੜੀ ਰੱਖ ਕਿਤੇ ਐਉਂ ਨਾ ਹੋਵੇ ਭਈ ਕੋਈ ਤੇਰਾ ਮੁਕਟ ਲੈ ਜਾਵੇ ।

ਮੱਤੀ 24 : 30

ਤਦ ਮਨੁੱਖ ਦੇ ਪੁੱਤ੍ਰ ਦਾ ਨਿਸ਼ਾਨ ਅਕਾਸ਼ ਵਿੱਚ ਪਰਗਟ ਹੋਵੇਗਾ ਅਰ ਤਦੋਂ ਧਰਤੀ ਦੀਆਂ ਸਾਰੀਆਂ ਕੌਮਾਂ ਪਿੱਟਣਗੀਆਂ ਅਤੇ ਮਨੁੱਖ ਦੇ ਪੁੱਤ੍ਰ ਨੂੰ ਸਮਰੱਥਾ ਅਰ ਵੱਡੇ ਤੇਜ਼ ਨਾਲ ਅਕਾਸ਼ ਦੇ ਬੱਦਲਾਂ ਉੱਤੇ ਆਉਂਦਿਆਂ ਵੇਖਣਗੀਆਂ ।

ਅਰ ਜੇ ਮੈਂ ਜਾ ਕੇ ਤੁਹਾਡੇ ਲਈ ਜਗ੍ਹਾ ਤਿਆਰ ਕਰਾਂ ਤਾਂ ਫੇਰ ਆਣ ਕੇ ਤੁਹਾਨੂੰ ਆਪਣੇ ਕੋਲ ਲੈ ਲਵਾਂਗਾ ਭਈ ਜਿੱਥੇ ਮੈਂ ਹਾਂ ਤੁਸੀਂ ਭੀ ਹੋਵੋ । ਯੂਹੰਨਾ 14 : 3

# ਮਸੀਹ ਦਾ ਪੁਨਰ-ਆਗਮਨ

ਮੱਤੀ 16 : 27

ਕਿਉਂ ਜੋ ਮਨੁੱਖ ਦਾ ਪੁੱਤ੍ਰ ਆਪਣੇ ਦੂਤਾਂ ਸਣੇ ਆਪਣੇ ਪਿਤਾ ਦੇ ਤੇਜ ਨਾਲ ਆਵੇਗਾ ਅਤੇ ਉਸ ਸਮੇਂ ਉਹ ਹਰੇਕ ਨੂੰ ਉਹ ਦੀ ਕਰਨੀ ਮੂਜਬ ਫਲ਼ ਦੇਵੇਗਾ ।

ਲੂਕਾ 12 : 40

ਤੁਸੀਂ ਵੀ ਤਿਆਰ ਰਹੋ ਕਿਉਂਕਿ ਜਿਸ ਘੜੀ ਤੁਹਾਨੂੰ ਚਿੱਤ ਚੇਤਾ ਨਾ ਹੋਵੇ ਉਸੇ ਘੜੀ ਮਨੁੱਖ ਦਾ ਪੁੱਤ੍ਰ ਆ ਜਾਵੇਗਾ ।

ਹੇ ਪਿਆਰਿਓ, ਅਸੀਂ ਹੁਣ ਪਰਮੇਸ਼ੁਰ ਦੇ ਬਾਲਕ ਹਾਂ ਅਤੇ ਅਜੇ ਇਹ ਪਰਗਟ ਨਹੀਂ ਹੋਇਆ ਭਈ ਅਸੀਂ ਕੀ ਕੁਝ ਹੋਵਾਂਗੇ ! ਅਸੀਂ ਇਹ ਜਾਣਦੇ ਹਾਂ ਭਈ ਜਦ ਉਹ ਪਰਗਟ ਹੋਵੇਗਾ ਤਾਂ ਅਸੀਂ ਤਾਂ ਉਹ ਦੇ ਵਰਗੇ ਹੋਵਾਂਗੇ ਕਿਉਂ ਜੋ ਉਹ ਜਿਹਾ ਹੈ ਤਿਹਾ ਹੀ ਉਹ ਨੂੰ ਵੇਖਾਂਗੇ । 1 ਯਹੂੰਨਾ 3 : 2

# ਪਰਮੇਸ਼ੁਰ ਦਾ ਸ਼ਬਦ

**2 ਤਿਮੋਥਿਉਸ 3 : 16**

ਸਾਰੀ ਲਿਖਤ ਪਰਮੇਸ਼ੁਰ ਦੇ ਆਤਮਾ ਤੋਂ ਹੈ ਅਤੇ ਸਿਖਿਆ, ਤਾੜਨ, ਸੁਧਾਰਨ ਅਤੇ ਧਰਮ ਦੇ ਗਿਝਾਉਣ ਲਈ ਗੁਣਕਾਰ ਹੈ ।

**ਜ਼ਬੂਰ 119 : 11**

ਮੈਂ ਤੇਰੇ ਬਚਨ ਨੂੰ ਆਪਣੇ ਮਨ ਵਿੱਚ ਜਮਾ ਕਰ ਲਿਆ, ਤਾਂ ਜੋ ਤੇਰਾ ਪਾਪ ਨਾ ਕਰਾਂ ।

**ਮੱਤੀ 22 : 29**

ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਤੁਸੀਂ ਕਿਤਾਬਾਂ ਅਰ ਪਰਮੇਸ਼ੁਰ ਦੀ ਸਮਰੱਥਾ ਨੂੰ ਨਾ ਜਾਣ ਕੇ ਭੁੱਲ ਵਿੱਚ ਪਏ ਹੋ ।

For more information or to request a free Bible study, please write to:

**WMP**
**India Bible Literature**
**67 Beracah Road**
**Kilpauk, Chennai 600 010**